ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa
81980 95553

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ੁੱਕਰਵਾਰ, 04 ਅਕਤੂਬਰ 2024
Email:- lokbani08@gmail.com

## ਅੱਜ ਦਾ ਸ਼ੁਭ ਵਿਚਾਰ



ਕਿਸੇ ਨੂੰ ਖ਼ੁਸ਼ ਕਰਨ ਦੇ ਚੱਕਰ ਵਿੱਚ ਮਦਾਰੀ ਦੇ ਬਾਂਦਰ ਨਾ ਬਣੋ ਬਾਂਦਰ ਚਾਹੇ ਕਿੰਨੀਆਂ ਵੀ ਕਲਾਬਾਜੀਆਂ ਲਾਵੇ, ਬਹੁਤਾ ਚਿਰ ਭੀੜ ਇਕੱਠੀ ਕਰ ਕੇ ਨਹੀ ਰੱਖ ਸਕਦਾ।

ਕਿਮੀ ਅਰੋੜਾ

ਰੋਜ਼ਾਨਾ ਲੋਕ ਬਾਣੀ
www.lokbani.com

R. N. I. Punpun/29016/2008 ✶ ਸਾਲ 16 , ✶ ਅੰਕ : 115, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa | 81980 95553

## ਯੂਪੀ ਚ ਅਧਿਆਪਕ ਦੇ ਪੂਰੇ ਪਰਿਵਾਰ ਦਾ ਕੀਤਾ ਗਿਆ ਕਤਲ

**ਅਮੇਠੀ , ਲੋਕ ਬਾਣੀ**- ਯੂਪੀ ਦੇ ਅਮੇਠੀ ਤੋਂ ਇਕ ਵੱਡੀ ਘਟਨਾ ਸਾਹਮਣੇ ਆ ਰਹੀ ਹੈ। ਜਿੱਥੇ ਬਦਮਾਸ਼ਾਂ ਨੇ ਘਰ 'ਚ ਦਾਖ਼ਲ ਹੋ ਕੇ ਅਧਿਆਪਕ ਸਮੇਤ ਪੂਰੇ ਪਰਿਵਾਰ ਨੂੰ ਗੋਲੀ ਮਾਰ ਦਿੱਤੀ। ਜਾਣਕਾਰੀ ਮੁਤਾਬਿਕ ਅਧਿਆਪਕ, ਉਸ ਦੀ ਪਤਨੀ ਅਤੇ ਦੋਵੇਂ ਬੱਚਿਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮੌਕੇ 'ਤੇ ਸਥਾਨਕ ਪੁਲਿਸ ਤੋਂ ਇਲਾਵਾ ਕਈ ਥਾਣਿਆਂ ਦੇ ਬਲ ਮੌਜੂਦ ਹਨ।



ਅਧਿਆਪਕ ਆਪਣੇ ਪਰਿਵਾਰ ਨਾਲ ਕਿਰਾਏ ਦੇ ਮਕਾਨ ਵਿਚ ਰਹਿੰਦਾ ਸੀ।

## ਯੂਕੇ ਤੇ ਮਾਰੀਸ਼ਸ ਚਾਗੋਸ ਦੀਪ ਸਮੂਹ ਸਮਝੋਤੇ ਚ ਭਾਰਤ ਦੀ ਰਹੀ ਅਹਿਮ ਭੂਮਿਕਾ

**ਨਵੀਂ ਦਿੱਲੀ, ਲੋਕ ਬਾਣੀ**- ਭਾਰਤ ਨੇ ਅੱਜ ਯੂਨਾਈਟਿਡ ਕਿੰਗਡਮ ਅਤੇ ਮਾਰੀਸ਼ਸ ਵਿਚਕਾਰ ਚਾਗੋਸ ਦੀਪ ਸਮੂਹ ਸਮਝੌਤੇ ਦੇ ਪਿਛੋਕੜ ਵਿਚ ਇਕ ਸ਼ਾਂਤ ਪਰ ਮਹੱਤਵਪੂਰਨ ਭੂਮਿਕਾ ਨਿਭਾਈ ਹੈ । ਭਾਰਤ ਨੇ ਡਿਕਲੋਨਾਈਜ਼ੇਸ਼ਨ ਦੇ ਆਖਰੀ ਨਿਸ਼ਾਨਾਂ ਨੂੰ ਖ਼ਤਮ ਕਰਨ ਦੀ ਜ਼ਰੂਰਤ ਤੇ



ਆਪਣੇ ਰੁਖ ਦਾ ਸਮਰਥਨ ਕਰਦੇ ਹੋਏ, ਸਿਧਾਂਤਕ ਮਾਰੀਸ਼ੀਅਨ ਸਥਿਤੀ ਦਾ ਮਜ਼ਬੂਤੀ ਨਾਲ ਸਮਰਥਨ ਕੀਤਾ।

## ਰੇਲਵੇ ਮੁਲਾਜ਼ਮ ਨੂੰ ਦਿਵਾਲੀ ਤੋਂ ਪਹਿਲਾਂ ਮਿਲੇਗਾ ਬੋਨਸ

**ਦਿੱਲੀ, ਲੋਕ ਬਾਣੀ**--- ਦੀਵਾਲੀ ਤੋਂ ਪਹਿਲਾਂ ਕੇਂਦਰ ਸਰਕਾਰ ਨੇ ਰੇਲਵੇ ਮੁਲਾਜ਼ਮਾਂ ਲਈ ਵੱਡਾ ਐਲਾਨ ਕੀਤਾ ਹੈ। ਪ੍ਰਧਾਨ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਕੈਬਨਿਟ ਮੀਟਿੰਗ ਵਿਚ ਰੇਲਵੇ ਮੁਲਾਜ਼ਮਾਂ ਨੂੰ 78 ਦਿਨਾਂ ਦਾ ਬੋਨਸ ਦੇਣ ਦਾ ਐਲਾਨ ਕੀਤਾ ਗਿਆ ਹੈ। ਦੁਸਹਿਰੇ ਅਤੇ ਦੀਵਾਲੀ ਪੂਜਾ ਦੀਆਂ ਛੁੱਟੀਆਂ ਤੋਂ ਪਹਿਲਾਂ ਰੇਲਵੇ ਕਰਮਚਾਰੀਆਂ ਨੂੰ ਬੋਨਸ ਦਾ ਭੁਗਤਾਨ ਕੀਤਾ ਜਾਵੇਗਾ। ਕੈਬਨਿਟ ਦੇ ਇਸ ਫ਼ੈਸਲੇ ਤੋਂ ਬਾਅਦ ਲਗਭਗ 13 ਲੱਖ ਰੇਲਵੇ ਕਰਮਚਾਰੀਆਂ ਨੂੰ ਲਾਭ ਮਿਲੇਗਾ। ਰੇਲਵੇ ਕਰਮਚਾਰੀਆਂ ਨੂੰ ਆਉਣ ਵਾਲੇ ਤਿਉਹਾਰਾਂ ਤੋਂ ਪਹਿਲਾਂ 78 ਦਿਨਾਂ ਲਈ ਬੋਨਸ ਦਿੱਤਾ



ਜਾਵੇਗਾ। ਇਸ ਤੇ ਕੁੱਲ 2,028 ਕਰੋੜ ਰੁਪਏ ਖਰਚ ਕੀਤੇ ਜਾਣਗੇ। 11 ਲੱਖ 72 ਹਜ਼ਾਰ 240 ਮੁਲਾਜ਼ਮਾਂ ਨੂੰ ਇਸ ਦਾ ਲਾਭ ਮਿਲੇਗਾ। ਕੇਂਦਰ ਸਰਕਾਰ ਨੇ ਪ੍ਰਧਾਨ ਮੰਤਰੀ ਮੋਦੀ ਦੀ ਪ੍ਰਧਾਨਗੀ ਚ ਹੋਈ ਮੰਤਰੀ ਮੰਡਲ ਦੀ ਬੈਠਕ ਚ ਇਹ ਫ਼ੈਸਲਾ ਲਿਆ।

## ਦੇਸ਼ ਵਿਚ ਸੋਨੇ ਦਾ ਭਾਅ ਉੱਚੇ ਪੱਧਰ ਤੇ ਪੁੱਜਿਆ

**ਨਵੀਂ ਦਿੱਲੀ**-ਦੇਸ਼ ਵਿਚ ਸੋਨੇ ਦੀਆਂ ਕੀਮਤਾਂ ਲਗਾਤਾਰ ਵਧ ਰਹੀਆਂ ਹਨ ਤੇ ਅੱਜ ਸੋਨਾ ਸਭ ਤੋਂ ਉਤੇ ਦੇ ਪੱਧਰ 75,762 ਰੁਪਏ ਹੋ ਗਿਆ ਹੈ। ਇਹ ਸੋਨੇ ਦਾ ਭਾਅ ਦਸ ਗਰਾਮ ਦਾ 24 ਕੈਰੇਟ ਲਈ ਹੈ। ਇਸ ਤੋਂ ਪਹਿਲਾਂ ਸੋਨੇ ਦਾ ਭਾਅ 75,515 ਰੁਪਏ ਸੀ। ਮਾਹਰਾਂ ਨੇ ਕਿਹਾ ਕਿ ਇਸ ਹਿਸਾਬ ਨਾਲ ਸੋਨਾ ਸਾਲ ਦੇ ਅੰਤ ਤੱਕ 78 ਹਜ਼ਾਰ ਰੁਪਏ ਪ੍ਰਤੀ ਦਸ ਗਰਾਮ ਤੱਕ ਜਾ ਸਕਦਾ ਹੈ।



ਦੂਜੇ ਪਾਸੇ ਚਾਂਦੀ ਦੇ ਭਾਅ ਵਿਚ ਵੀ ਤੇਜ਼ੀ ਆਈ ਹੈ। ਇਹ 1,0 48 ਰੁਪਏ ਵੱਧ ਕੇ 90,930 ਰੁਪਏ ਪ੍ਰਤੀ ਕਿਲੋ ਹੋ ਗਈ ਹੈ।

## ਪੁਲਿਸ ਨੇ ਕਰੋੜਾਂ ਦੇ ਧੋਖਾਧੜੀ ਮਾਮਲੇ ਵਿਚ ਪੰਜ ਨੂੰ ਕੀਤਾ ਤਲਬ

**ਨਵੀਂ ਦਿੱਲੀ, ਲੋਕ ਬਾਣੀ**- ਦਿੱਲੀ ਪੁਲੀਸ ਨੇ 'ਹਾਇਬਾਕਸ' ਮੋਬਾਈਲ ਐਪਲੀਕੇਸ਼ਨ ਅਧਾਰਿਤ 500 ਕਰੋੜ ਰੁਪਏ ਦੀ ਧੋਖਾਧੜੀ ਦੇ ਮਾਮਲੇ 'ਚ ਯੂਟਿਊਬਰ ਐਲਵਿਸ਼ ਯਾਦਵ ਅਤੇ ਹਾਸਰਸ ਕਲਾਕਾਰ ਭਾਰਤੀ ਸਿੰਘ ਅਤੇ ਤਿੰਨ ਹੋਰਨਾਂ ਨੂੰ ਤਲਬ ਕੀਤਾ ਹੈ। ਇੱਕ ਅਧਿਕਾਰੀ ਨੇ ਅੱਜ ਦੱਸਿਆ ਕਿ ਪੁਲੀਸ ਨੂੰ ਇਸ ਸਬੰਧੀ 500 ਤੋਂ ਵੱਧ ਸ਼ਿਕਾਇਤਾਂ ਮਿਲੀਆਂ ਹਨ। ਉਨ੍ਹਾਂ ਕਿਹਾ ਕਿ ਸ਼ਿਕਾਇਤਾਂ ਮੁਤਾਬਕ ਸ਼ੋਸ਼ਲ ਮੀਡੀਆ ਇਨਫਲੂਐਂਸਰਾਂ ਅਤੇ ਯੂਟਿਊਬਰਾਂ ਜਿਨ੍ਹਾਂ ਵਿੱਚ ਸੌਰਵ ਜੋਸ਼ੀ, ਅਭਿਸ਼ੇਕ ਮਲਹਾਨ, ਪੂਰਵ ਝਾਅ, ਭਾਰਤੀ ਸਿੰਘ, ਹਰਸ਼ ਲਿੰਬਾਚੀਆ, ਲਕਸ਼ੈ ਚੌਧਰੀ, ਅਮਿਤ ਅਤੇ ਧੀਰਜ ਸਿੰਘ ਰਾਵਤ ਨੇ ਆਪੋ




ਆਪਣੇ ਪੇਜਾਂ 'ਤੇ ਐਪਲੀਕੇਸ਼ਨ ਦਾ ਪ੍ਰਚਾਰ ਕੀਤਾ ਤੇ ਲੋਕਾਂ ਨੂੰ ਐਪ ਰਾਹੀਂ ਨਿਵੇਸ਼ ਦਾ ਲਾਲਚ ਦਿੱਤਾ। ਡੀਸੀਪੀ (ਆਈਐੱਫਐੱਸਓ ਸਪੈਸ਼ਲ ਸੈੱਲ) ਹੇਮੰਤ ਤਿਵਾੜੀ ਨੇ ਕਿਹਾ, "ਹਾਇਬਾਕਸ ਇੱਕ ਮੋਬਾਈਲ ਐਪਲੀਕੇਸ਼ਨ ਹੈ, ਜਿਹੜੀ ਕਿ ਯੋਜਨਾਬੱਧ ਘੁਟਾਲੇ ਦਾ ਹਿੱਸਾ ਸੀ।

## 5 ਅਕਤੂਬਰ ਤੱਕ ਆੜਤੀਆਂ ਦੀ ਹੜਤਾਲ ਜਾਰੀ


**ਕਪੂਰਥਲਾ, ਲੋਕ ਬਾਣੀ**--ਸਮੂਹ ਆੜ੍ਹਤੀਆ ਯੂਨੀਅਨ ਭੁਲੱਥ ਵਲੋਂ ਪਿਛਲੇ ਦਿਨਾਂ ਤੋਂ ਚੱਲ ਰਹੀ ਮੰਡੀਆਂ ਵਿਚ ਹੜਤਾਲ ਨੂੰ 5 ਅਕਤੂਬਰ ਤੱਕ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ ਹੈ ਜਾਣਕਾਰੀ ਦਿੰਦਿਆਂ ਜਸਵੰਤ ਸਿੰਘ ਬਾਜਵਾ ਪ੍ਰਧਾਨ ਆੜ੍ਹਤੀਆ ਯੂਨੀਅਨ ਭੁਲੱਥ ਨੇ ਦੱਸਿਆ ਕਿ ਸਰਕਾਰ ਨੇ ਪਹਿਲਾਂ ਭਰੋਸਾ ਦਿੱਤਾ ਸੀ ਕਿ ਉਨ੍ਹਾਂ ਦੀਆਂ ਮੰਗਾਂ ਮੰਨ ਲਈਆਂ ਜਾਣਗੀਆਂ ਪਰ ਸਰਕਾਰ ਨੇ ਅਜੇ ਤੱਕ ਉਨ੍ਹਾਂ ਦੀਆਂ ਮੰਗਾਂ ਦਾ ਕੋਈ



ਹੱਲ ਨਹੀਂ ਕੀਤਾ ਜਦੋਂ ਤਕ ਉਨ੍ਹਾਂ ਦੀਆਂ ਮੰਗਾ ਮੰਨ ਨਹੀਂ ਲਈਆਂ ਜਾਂਦੀਆਂ, ਇਹ ਹੜਤਾਲ ਜਾਰੀ ਰਹੇਗੀ

## ਦਰਿਆ ਵਿਚ ਡੁੱਬਣ ਨਾਲ ਪਿਤਾ ਤੇ ਪੁਤਰ ਦੀ ਹੋਈ ਮੌਤ

**ਪਠਾਨਕੋਟ, ਲੋਕ ਬਾਣੀ**--ਪਠਾਨਕੋਟ ਦੀ ਸੁਤੰਤਰਤਾ ਸੈਨਾਨੀ ਜਥੇਦਾਰ ਕੇਸਰ ਸਿੰਘ ਮਾਰਗ ਉਤੇ ਸਥਿਤ ਬਸੰਤ ਕਾਲੋਨੀ ਨਿਵਾਸੀ ਪਿਤਾ ਪੁੱਤਰ ਬੀਤੀ ਦੇਰ ਸ਼ਾਮ ਹਿਮਾਚਲ ਵਾਲੇ ਪਾਸੇ ਭਦਰੋਆ ਵਿਖੇ ਪੂਜਾ ਦੀ ਸਮੱਗਰੀ ਪ੍ਰਵਾਹ ਕਰਨ ਚੱਕੀ ਦਰਿਆ ਵਿਖੇ ਗਏ ਸੀ, ਜਿਥੇ ਸਮੱਗਰੀ ਪ੍ਰਵਾਹ ਕਰਨ ਮੌਕੇ ਦੋਵੇਂ ਪਿਤਾ-ਪੁੱਤਰ ਦੇ ਡੁੱਬਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪਿਤਾ ਦੀ ਲਾਸ਼ ਅੱਜ ਸਵੇਰੇ ਹੀ ਐਨ.ਡੀ.ਆਰ. ਐਫ. ਟੀਮ ਅਤੇ ਪੁਲਿਸ ਨੇ ਬਰਾਮਦ ਕਰ



ਲਈ ਹੈ, ਜਦੋਂਕਿ ਐਨ.ਡੀ.ਆਰ.ਐਫ. ਦੀ ਟੀਮ ਵਲੋਂ ਦਰਿਆ ਵਿਚ ਪੁੱਤਰ ਦੀ ਭਾਲ ਜਾਰੀ ਹੈ। ਮੌਕੇ ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਦੁਪਹਿਰ ਸਮੇਂ ਪਿਤਾ-ਪੁੱਤਰ ਪੂਜਾ ਸਮੱਗਰੀ ਪ੍ਰਵਾਹ ਕਰਨ ਲਈ ਘਰ ਤੋਂ ਚੱਕੀ ਦਰਿਆ ਆਏ ਸਨ

## ਸੀਬੀਆਈ ਨੇ ਤ੍ਰਿਣਮੂਲ ਕਾਂਗਰਸ ਦੇ ਆਗੂ ਨੂੰ ਕੀਤਾ ਗ੍ਰਿਫ਼ਤਾਰ

**ਦਿੱਲੀ, ਲੋਕ ਬਾਣੀ**--ਕੇਂਦਰੀ ਜਾਂਚ ਬਿਊਰੋ (ਸੀਬੀਆਈ) ਨੇ ਕੋਲਕਾਤਾ ਦੇ ਆਰ.ਜੀ. ਕਰ ਹਸਪਤਾਲ ਦੇ ਸਾਬਕਾ ਪ੍ਰਿੰਸੀਪਲ ਸੰਦੀਪ ਘੋਸ਼ ਨਾਲ ਸਬੰਧਤ ਕਥਿਤ ਭ੍ਰਿਸ਼ਟਾਚਾਰ ਮਾਮਲੇ ਦੇ ਸਬੰਧ 'ਚ ਅੱਜ ਤ੍ਰਿਣਮੂਲ ਕਾਂਗਰਸ ਦੇ ਯੂਥ ਵਿੰਗ ਦੇ ਆਗੂ ਅਸ਼ੀਸ਼ ਪਾਂਡੇ ਨੂੰ ਗ੍ਰਿਫ਼ਤਾਰ ਕੀਤਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਪਾਂਡੇ ਜਿਸ ਨੂੰ ਘੋਸ਼ ਦਾ ਕਰੀਬੀ ਮੰਨਿਆ ਜਾਂਦਾ ਹੈ, ਸੀਬੀਆਈ ਦੀ ਜਾਂਚ ਦੇ ਘੇਰੇ 'ਚ ਸੀ ਅਤੇ ਜਾਂਚ ਏਜੰਸੀ ਨੇ 30 ਨੂੰ ਉਸ ਕੋਲੋਂ



ਪੁੱਛ ਪੜਤਾਲ ਵੀ ਕੀਤੀ ਸੀ। ਪਾਂਡੇ ਆਰ. ਜੀ. ਕਰ ਮੈਡੀਕਲ ਕਾਲਜ ਤੇ ਹਸਪਤਾਲ 'ਚ ਤ੍ਰਿਣਮੂਲ ਕਾਂਗਰਸ ਛਾਤਰ ਪਰਿਸ਼ਦ (ਟੀਐੱਮਸੀਪੀ) ਦਾ ਯੂਨਿਟ ਪ੍ਰਧਾਨ ਸੀ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111


# ਪੰਜਾਬ ਦੀਆਂ ਆਈ.ਟੀ.ਆਈਜ਼.ਦੀ ਬਦਲੇਗੀ ਨੁਹਾਰ, 11 ਕਰੋੜ ਰੁਪਏ ਦੀ ਲਾਗਤ ਨਾਲ ਛੇ ਆਈ.ਟੀ.ਆਈਜ ਬਨਣਗੀਆਂ ਸੈਂਟਰ ਆਫ਼ ਐਕਸੀਲੈਂਸ : ਹਰਜੋਤ ਸਿੰਘ ਬੈਂਸ

ਚੰਡੀਗੜ੍ਹ,(ਲੋਕ ਬਾਣੀ) ਪੰਜਾਬ ਦੇ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਉਪਰਾਲੇ ਨਾਲ ਸੂਬੇ ਦੀਆਂ ਛੇ ਆਈ. ਟੀ.ਆਈਜ. ਨੂੰ ਰਾਜ ਸਭਾ ਮੈਂਬਰ ਵਿਕਰਮ ਜੀਤ ਸਿੰਘ ਸਾਹਨੀ ਵਲੋਂ ਅਪਨਾਉਣ ਸਬੰਧੀ ਅੱਜ ਐਮ.ਉ.ਯੂ. ਸਾਈਨ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਦੇ ਨੋਜਵਾਨਾਂ ਨੂੰ ਕਿੱਤਾਮੁਖੀ ਸਿਖਲਾਈ ਦੇਣ ਲਈ ਤਕਨੀਕੀ ਸਿੱਖਿਆ ਵਿਭਾਗ ਵਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਪ੍ਰੰਤੂ ਦਿਨੋਂ ਦਿਨ ਤਕਨੀਕੀ ਵਿਕਾਸ ਕਾਰਨ ਸਾਡੀਆਂ ਆਈ.ਟੀ.ਆਈਜ. ਨਵੀਨਤਮ ਸਿੱਖਿਆ ਦੇਣ ਵਿਚ ਕੁਝ ਘਾਟ ਮਹਿਸੂਸ ਹੋ ਰਹੀ ਸੀ ਜਿਸ ਲਈ ਮੈਂ ਵਿਕਰਮਜੀਤ ਸਿੰਘ ਸਾਹਨੀ ਨਾਲ ਤਾਲਮੇਲ ਕਰਕੇ ਉਨ੍ਹਾਂ ਨੂੰ ਕਿਹਾ ਕਿ ਉਹ ਇਸ ਮਾਮਲੇ ਵਿਚ ਸਾਡੀ ਮਦਦ ਕਰਨ ਜਿਸ ਨੂੰ ਸਵੀਕਾਰ ਕਰਦਿਆਂ ਸ੍ਰੀ ਸਾਹਨੀ ਨੇ ਸੂਬੇ ਦੀਆਂ ਛੇ ਆਈ.ਟੀ.ਆਈਜ. ਨੂੰ ਅਪਨਾਉਣ ਸਬੰਧੀ ਅੱਜ ਐਮ.ਉ.ਯੂ.ਸਾਈਨ ਕੀਤਾ ਗਿਆ ਹੈ।

ਐਮ.ਉ.ਯੂ ਦੇ ਅਨੁਸਾਰ ਡਾ. ਸਾਹਨੀ ਜਿਨ੍ਹਾਂ ਛੇ ਆਈਂ. ਟੀ.ਆਈ. ਦੇ ਅਪਗ੍ਰੇਡੇਸ਼ਨ ਲਈ 11 ਕਰੋੜ ਰੁਪਏ ਖਰਚ ਕਰਕੇ ਅਪਗ੍ਰੇਡ ਕਰਨਗੇ ਉਨ੍ਹਾਂ ਵਿਚ ਆਈਂ. ਟੀ.ਆਈ.ਲੁਧਿਆਣਾ, ਆਈਂ. ਟੀ.ਆਈ. ਪਟਿਆਲਾ, ਆਈਂ. ਟੀ.ਆਈ. ਮਾਣਕਪੁਰ ਸ਼ਰੀਫ਼ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਆਈਂ. ਟੀ.ਆਈ. ਸੁਨਾਮ ਕਰੋੜ, ਅਤੇ ਆਈਂ. ਟੀ.ਆਈ. ਲਾਲੜੂ ਹਨ।

ਸ.ਬੈਂਸ ਨੇ ਦੱਸਿਆ ਕਿ ਇਨ੍ਹਾਂ ਆਈਂ. ਟੀ.ਆਈਜ. ਨੂੰ ਸਥਾਨਕ ਉਦਯੋਗਾਂ ਨਾਲ ਜੋੜਿਆ ਜਾਵੇਗਾ ਅਤੇ ਆਈਂ. ਟੀ.ਆਈ. ਵਿਦਿਆਰਥੀਆਂ ਲਈ ਪਲੇਸਮੈਂਟ ਅਤੇ ਅਪ੍ਰੈਂਟਿਸਸ਼ਿਪਾਂ ਲਈ ਇੱਕ ਮਜ਼ਬੂਤ ਉਦਯੋਗ-ਕਨੈਕਟ ਨੂੰ ਯਕੀਨੀ ਬਣਾਇਆ ਜਾਵੇਗਾ।



ਕੈਬਨਿਟ ਮੰਤਰੀ ਨੇ ਦੱਸਿਆ ਕਿ ਅਗਾਮੀ ਨਵੰਬਰ ਮਹੀਨੇ ਲੁਧਿਆਣਾ ਦਾ ਆਈ. ਟੀ.ਆਈ.ਐਕਸੀਲੈਂਸ ਸੈਂਟਰ ਲਾਂਚ ਕੀਤਾ ਜਾਵੇਗਾ।

ਇਸ ਸਮਝੌਤੇ ਅਧੀਨ ਮੋਹਾਲੀ ਆਈ ਟੀ.ਆਈ. ਵੂਮੈਨ ਇੰਪਾਵਰਮੈਂਟ ਦੀ ਦਿਸ਼ਾ ਵਿਚ ਏਅਰ ਹੋਸਟਸ, ਬਿਊਟੀ ਵੈਲਨੈਸ ਯੂਨੀਅਰ ਨਰਸ,ਦਾ ਕੋਰਸ ਸ਼ੁਰੂ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਉਪਰਾਲਿਆਂ ਨਾਲ ਦਸ ਹਜ਼ਾਰ ਨੌਜਵਾਨਾਂ ਨੂੰ ਨੌਕਰੀਆਂ ਮਿਲਣਗੀਆਂ।

ਸ.ਬੈਂਸ ਨੇ ਦੱਸਿਆ ਕਿ ਲਾਲੜੂ ਅਤੇ ਮਾਨਕਪੁਰ ਸ਼ਰੀਫ਼ ਆਈਂ.ਟੀ.ਆਈ. ਨੂੰ ਡ੍ਰੋਨ ਅਕੈਡਮੀ ਵਜੋਂ ਵਿਕਸਤ ਕੀਤਾ ਜਾਵੇਗਾ ਜੋ ਕਿ ਡ੍ਰੋਨ ਤਕਨਾਲੋਜੀ ਦੇ ਖੇਤਰ ਵਿਚ ਦੇਸ਼ ਦੇ ਮੋਹਰੀ ਸੰਸਥਾਵਾਂ ਹੋਣਗੀਆਂ।

ਸਿੱਖਿਆ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਜੀ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਕਿੱਤਾਮੁਖੀ ਸਿਖਲਾਈ ਦੇਣ ਦੀ ਦਿਸ਼ਾ ਵਿਚ ਲਗਾਤਾਰ ਕੰਮ ਕਰ ਰਹੀ ਹੈ ਜਿਸ ਉਦਹਾਰਨ ਆਈ.ਟੀ.ਆਈਜ ਵਿਚ ਸੀਟਾਂ ਦੂ ਗਿਣਤੀ 28000 ਤੋਂ ਵਧਾ ਕੇ 35000 ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਉਦਯੋਗਿਕ ਇਕਾਈਆਂ ਨੂੰ ਸਿੱਖਿਅਤ ਕਾਮੇ ਮਿਲਣਗੇ ਉਸ ਦੇ ਨਾਲ ਹੀ ਸੂਬੇ ਵਿਚ ਬੇਰੁਜ਼ਗਾਰੀ ਨੂੰ ਠੱਲ੍ਹ ਪਾਵੇਗਾ ਅਤੇ ਨਸ਼ਿਆਂ ਦੀ ਸਮੱਸਿਆਂ ਨੂੰ ਖ਼ਤਮ ਕਰਨ ਵਿਚ ਮਦਦਗਾਰ ਸਾਬਤ ਹੋਵੇਗੀ।

# ਜਲੰਧਰ ਦੇ ਹਰਦਿਆਲ ਨਗਾਰ ਚ ਮੁਹੱਲਾ ਵਾਸੀਆਂ ਨੇ ਤਸਕਰ ਦਾ ਘਰ ਘੇਰਿਆਂ



ਜਲੰਧਰ, ਲੋਕ ਬਾਣੀ — ਪੰਜਾਬ ਵਿੱਚ ਆਪ ਸਰਕਾਰ ਆਉਣ ਤੋ ਬਾਅਦ ਕਾਨੂੰਨ ਵਿਵਸਥਾ ਦਾ ਬੂਰਾ ਹਾਲ ਹੈ ਰੋਜ਼ ਲੁੱਟਾਂ ਖੋਹਾਂ ਗੋਲੀਆਂ ਗੈਗਵਾਰ ਫਿਰੌਤੀ ਨਸ਼ਾ ਭ੍ਰਿਸ਼ਟਾਚਾਰ ਆਮ ਗੱਲ ਹੋ ਗਈ ਹੈ ਪਰ ਅੱਜ ਜਲੰਧਰ ਦੇ ਹਰਦਿਆਲ ਨਗਰ ਹੁਸ਼ਿਆਰਪੁਰ ਰੋਡ ਤੇ ਬਣੇ ਮੁਹੱਲਾ ਨਿਵਾਸੀਆਂ ਨੇ ਲੱਡੂ ਨਾਮਕ ਤਸਕਰ ਦੇ ਘਰ ਦੇ ਬਾਹਰ ਇਕੱਠੇ ਹੋ ਕੇ ਦਰੀਆਂ ਵਿਛਾ ਧਰਨਾ ਦਿੱਤਾ ਤੇ ਨਸ਼ਾ ਖਰੀਦਣ ਤੇ ਛੋਟੇ ਤਸਕਰਾ ਨੂੰ ਘਰ ਅੰਦਰ ਘੇਰ ਕੇ ਪੁਲਿਸ ਹਵਾਲੇ ਕੀਤਾ ਗਿਆ ਇਸ ਮੌਕੇ ਪੁਲਿਸ ਥਾਣਾ ਅੱਠ ਦੇ ਥਾਣੇਦਾਰ ਨੂੰ ਬੁਲਾਇਆ ਗਿਆ ਜਿਸਨੇ ਆ ਕੇ ਤਸਕਰ ਦੇ ਹੱਕ ਵਿੱਚ ਪੂਰੀ ਭੂਮਿਕਾ ਨਿਭਾਈ ਤੇ ਬਾਅਦ ਵਿਚ ਮੁਹੱਲਾ ਵਾਸੀਆਂ ਦੇ ਵਿਰੋਧ ਤੋਂ ਬਾਅਦ ਥਾਣੇਦਾਰ ਨੇ ਪਸੀਨੇ ਛੁੱਟਦੇ ਨਜ਼ਰ ਆਏ ਤੇ ਆਖੀਰਕਾਰ ਐਸ ਐਚ ਓ ਨੂੰ ਮੌਕੇ ਤੇ ਆਉਣਾ ਪਿਆ ਤੇ ਫੜੇ ਗਏ ਛੋਟੇ ਤਸਕਰਾ ਨੂੰ ਨਾਲ ਲਿਜਾਉਣਾ ਪਿਆ,ਮੁਹਲੇ ਦੇ ਮੋਹਤਬਰਾਂ ਨੇ ਰੋਜ਼ਾਨਾ ਲੋਕ ਬਾਣੀ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕੇ ਉਹ ਮੁਹੱਲੇ ਵਿੱਚ ਨਸ਼ੇ ਦੇ ਤਸਕਰਾਂ ਨੂੰ ਬਰਦਾਸ਼ਤ ਨਹੀਂ ਕਰਣਗੇ ਤੇ ਜਲਦ ਜਲੰਧਰ ਦੇ ਪੁਲਿਸ ਕਮਿਸ਼ਨਰ ਨਾਲ ਮੁਲਾਕਾਤ ਕਰ ਹਾਲਾਤ ਦਸਣਗੇ

ਰੋਜ਼ਾਨਾ ਲੋਕ ਬਾਣੀ
www.lokbani

# ਚੰਡੀਗੜ੍ਹ ਚ ਹੁਣ ਬੁਲਟ ਚਾਲਕ ਹੋ ਜਾਣ ਸਾਵਧਾਨ !! ਹਾਈਕੋਰਟ ਨੇ ਜਾਰੀ ਕੀਤੇ ਸਖ਼ਤ ਨਿਰਦੇਸ਼




ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਬੁਲਟ ਮੋਟਰਸਾਈਕਲਾਂ ਤੋਂ ਉੱਚੀ ਆਵਾਜ਼ ਕਰਨ ਲਈ ਮੋਡੀਫਾਈਡ ਸਾਈਲੈਂਸਰਾਂ ਦੀ ਵਰਤੋਂ ਕਰਨ ਵਾਲੇ ਡਰਾਈਵਰਾਂ ਖਿਲਾਫ ਸਖਤ ਰੁਖ ਅਖਤਿਆਰ ਕਰਦੇ ਹੋਏ ਯੂਟੀ ਪੁਲਿਸ ਤੋਂ ਹੁਣ ਤੱਕ ਜਾਰੀ ਕੀਤੇ ਚਲਾਨਾਂ ਦੇ ਵੇਰਵੇ ਮੰਗੇ ਹਨ। ਹਾਈਕੋਰਟ ਨੇ ਯੂਟੀ ਪੁਲਿਸ ਨੂੰ ਇਸ ਮਾਮਲੇ ਵਿੱਚ ਚਲਾਨਾਂ ਦੀ ਪੂਰੀ ਜਾਣਕਾਰੀ ਹਲਫ਼ਨਾਮੇ ਰਾਹੀਂ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ।ਹਾਈਕੋਰਟ ਨੇ ਇਸ ਗੱਲ ਤੇ ਡੂੰਘੀ ਨਾਰਾਜ਼ਗੀ ਜ਼ਾਹਰ ਕੀਤੀ ਕਿ ਅਦਾਲਤ ਦੇ ਹੁਕਮਾਂ ਦੇ ਬਾਵਜੂਦ ਸ਼ਹਿਰ ਚ ਕਈ ਲੋਕ ਮੋਡੀਫਾਈਡ ਸਾਈਲੈਂਸਰਾਂ ਰਾਹੀਂ ਉੱਚੀ-ਉੱਚੀ ਆਵਾਜ਼ ਕੱਢ ਰਹੇ ਹਨ ।ਅਦਾਲਤ ਨੇ ਇਸ ਨੂੰ ਅਦਾਲਤ ਦੀ ਮਾਣਹਾਨੀ ਕਰਾਰ ਦਿੰਦਿਆਂ ਕਿਹਾ ਕਿ ਇਨ੍ਹਾਂ ਬੁਲੇਟ ਚਾਲਕਾਂ ਦਾ ਰਵੱਈਆ ਅਦਾਲਤ ਦਾ ਅਪਮਾਨ ਹੈ ਅਤੇ ਪੁਲੀਸ ਇਨ੍ਹਾਂ ਨੂੰ ਰੋਕਣ ਵਿੱਚ ਨਾਕਾਮ ਰਹੀ ਹੈ। ਅਦਾਲਤ ਨੇ ਪੁੱਛਿਆ ਕਿ ਉਹ ਲੋਕ ਕੌਣ ਹਨ ਜਿਨ੍ਹਾਂ ਨੂੰ ਨਾ ਤਾਂ ਪੁਲਿਸ ਦੀ ਪਰਵਾਹ ਹੈ ਅਤੇ ਨਾ ਹੀ ਅਦਾਲਤ ਦੇ ਹੁਕਮਾਂ ਦੀ ?

ਅਦਾਲਤ ਨੇ ਸਪੱਸ਼ਟ ਕੀਤਾ ਕਿ ਪੁਲਿਸ ਨੂੰ ਹੁਣ ਤੱਕ ਜਾਰੀ ਕੀਤੇ ਚਲਾਨਾਂ ਦੀ ਜਾਣਕਾਰੀ ਦੁਬਾਰਾ ਪੇਸ਼ ਕਰਨੀ ਪਵੇਗੀ, ਤਾਂ ਜੋ ਅਸਲੀਅਤ ਦਾ ਪਤਾ ਲੱਗ ਸਕੇ । ਅਦਾਲਤ ਨੇ ਯੂਟੀ ਪੁਲਿਸ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਉੱਚੀ ਆਵਾਜ਼ ਵਿੱਚ ਬੁਲੇਟ ਮੋਟਰਸਾਈਕਲ ਸਵਾਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਸ਼ਹਿਰ ਵਿੱਚ ਸ਼ਾਂਤੀ ਬਹਾਲ ਕੀਤੀ ਜਾਵੇ।

# ਹਰਿਆਣਾ ਚ AAP ਉਮੀਦਵਾਰ ਨੇ ਵੋਟਿੰਗ ਤੋਂ ਇਕ ਦਿਨ ਪਹਿਲਾਂ ਛੱਡੀ ਪਾਰਟੀ, ਕਾਂਗਰਸ ਚ ਹੋਏ ਸ਼ਾਮਲ

ਮਹਿੰਦਰਗੜ੍ਹ-(ਲੋਕ ਬਾਣੀ) ਹਰਿਆਣਾ ਦੇ ਮਹਿੰਦਰਗੜ੍ਹ ਜ਼ਿਲ੍ਹੇ ਦੀ ਅਟੇਲੀ ਵਿਧਾਨ ਸਭਾ ਤੋਂ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਸੁਨੀਲ ਰਾਓ ਨੇ ਪਾਰਟੀ ਛੱਡ ਦਿੱਤੀ ਹੈ। ਚੋਣ ਪ੍ਰਚਾਰ ਦੇ ਆਖਰੀ ਦਿਨ ਉਹ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਸੁਨੀਲ ਰਾਓ ਵੀਰਵਾਰ ਨੂੰ ਮਹਿੰਦਰਗੜ੍ਹ ਚ ਕਾਂਗਰਸ ਦੀ ਰੈਲੀ ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਸਾਹਮਣੇ ਕਾਂਗਰਸ ਪਾਰਟੀ ਚ ਸ਼ਾਮਲ ਹੋ ਗਏ। ਕਾਂਗਰਸ ਉਮੀਦਵਾਰ ਅਨੀਤਾ ਯਾਦਵ ਸੁਨੀਲ ਰਾਓ ਦੇ ਨਾਲ ਸਟੇਜ ਤੇ ਪਹੁੰਚੀ ਸੀ।



ਉਨ੍ਹਾਂ ਨੇ ਸੁਨੀਲ ਰਾਓ ਨੂੰ ਰਾਹੁਲ ਗਾਂਧੀ ਨਾਲ ਮਿਲਾਇਆ। ਇਸ ਤੋਂ ਬਾਅਦ ਸਾਬਕਾ ਸੀਐਮ ਭੂਪੇਂਦਰ ਸਿੰਘ ਹੁੱਡਾ ਨੇ ਸੁਨੀਲ ਰਾਓ ਨੂੰ ਕਾਂਗਰਸ ਪਾਰਟੀ ਦਾ ਝੰਡਾ ਭੇਂਟ ਕੀਤਾ ਅਤੇ ਪਾਰਟੀ ਚ ਸ਼ਾਮਲ ਕਰਵਾਇਆ।

ਦੱਸ ਦੇਈਏ ਕਿ ਸੁਨੀਲ ਪਹਿਲਾਂ ਭਾਜਪਾ ਚ ਸਨ। ਉਹ ਅਟੇਲੀ ਸੀਟ ਤੋਂ ਟਿਕਟ ਮੰਗ ਰਹੇ ਸਨ ਪਰ ਪਾਰਟੀ ਨੇ ਉਨ੍ਹਾਂ ਦੀ ਥਾਂ ਕੇਂਦਰੀ ਰਾਜ ਮੰਤਰੀ ਰਾਓ ਇੰਦਰਜੀਤ ਦੀ ਧੀ ਆਰਤੀ ਰਾਓ ਨੂੰ ਟਿਕਟ ਦੇ ਦਿੱਤੀ। ਇਸ ਤੋਂ ਬਾਅਦ ਸੁਨੀਲ ਬਾਗੀ ਹੋ ਗਿਆ। ਉਹ ਆਪ ਚ ਸ਼ਾਮਲ ਹੋ ਗਏ। ਇਸ ਤੋਂ ਬਾਅਦ ਆਪ ਨੇ ਉਨ੍ਹਾਂ ਨੂੰ ਅਟੇਲੀ ਤੋਂ ਆਪਣਾ ਉਮੀਦਵਾਰ ਬਣਾਇਆ, ਪਰ ਉਨ੍ਹਾਂ ਨੇ ਵੋਟ ਪਾਉਣ ਤੋਂ ਠੀਕ ਪਹਿਲਾਂ ਪਾਰਟੀ ਛੱਡ ਦਿੱਤੀ।ਅਟੇਲੀ ਸੀਟ ਲਈ ਤਿਕੋਣਾ ਮੁਕਾਬਲਾ ਚੱਲ ਰਿਹਾ ਹੈ। ਇਸ ਵਿੱਚ ਭਾਜਪਾ ਦੀ ਆਰਤੀ ਰਾਓ, ਕਾਂਗਰਸ ਦੀ ਅਨੀਤਾ ਯਾਦਵ ਅਤੇ ਇਨੈਲੋ-ਬਸਪਾ ਦੇ ਠਾਕੁਰ ਅਤਰ ਲਾਲ ਸ਼ਾਮਲ ਹਨ।

# ਪਠਾਨਕੋਟ ਚ ਪੂਜਾ ਸਮੱਗਰੀ ਵਿਸਰਜਨ ਕਰਨ ਗਏ ਪਿਓ-ਪੁੱਤ ਦੀ ਨਦੀ ਚ ਡੁੱਬਣ ਕਾਰਨ ਹੋਈ ਮੌਤ, ਇਕ ਦੀ ਲਾਸ਼ ਬਰਾਮਦ -ਦੂਜੇ ਦੀ ਭਾਲ ਜਾਰੀ



ਪਠਾਨਕੋਟ (ਲੋਕ ਬਾਣੀ)- ਪੰਜਾਬ ਦੇ ਪਠਾਨਕੋਟ ਨਦੀ ਵਿੱਚ ਪੂਜਾ ਸਮੱਗਰੀ ਵਿਸਰਜਨ ਕਰਨ ਗਏ ਪਿਤਾ-ਪੁੱਤਰ ਨਦੀ ਵਿੱਚ ਡੁੱਬਣ ਕਾਰਨ ਮੌਤ ਹੋ ਜਾਣ ਦਾ ਦੁਖਾਂਤਕ ਸਮਾਚਾਰ ਪ੍ਰਾਪਤ ਹੋਇਆ ਹੈ। ਦੱਸਿਆ ਜਾ ਰਿਹਾ ਹੈ ਕਿ ਗੋਤਾਖੋਰਾਂ ਨੇ ਪਿਤਾ ਦੀ ਲਾਸ਼ ਬਰਾਮਦ ਕਰ ਲਈ ਹੈ, ਜਦਕਿ 12 ਸਾਲਾ ਪੁੱਤਰ ਦੀ ਭਾਲ ਜਾਰੀ ਹੈ। ਖਦਸ਼ਾ ਜਤਾਇਆ ਜਾ ਰਿਹਾ ਹੈ ਕਿ ਪੈਰ ਫਿਸਲਣ ਕਾਰਨ ਉਹ ਨਦੀ ਚ ਡੁੱਬ ਗਏ।

ਜਾਣਕਾਰੀ ਅਨੁਸਾਰ ਬਸੰਤ ਕਾਲੋਨੀ ਦਾ ਰਹਿਣ ਵਾਲਾ ਵਿਨੈ ਮਹਾਜਨ ਆਪਣੇ 12 ਸਾਲ ਦੇ ਬੇਟੇ ਅੰਜਸ ਮਹਾਜਨ ਨਾਲ ਪਠਾਨਕੋਟ ਦੇ ਚੱਕੀ ਦਰਿਆ (ਦਰਿਆ) ਤੇ ਪੂਜਾ ਸਮੱਗਰੀ ਪਾਉਣ ਗਿਆ ਸੀ। ਸ਼ੱਕ ਜਤਾਇਆ ਜਾ ਰਿਹਾ ਹੈ ਕਿ ਪੈਰ ਤਿਲਕਣ ਕਾਰਨ ਦੋਵਾਂ ਵਿੱਚੋਂ ਇੱਕ ਪਾਣੀ ਵਿੱਚ ਡੁੱਬ ਗਿਆ ਅਤੇ ਇੱਕ ਨੂੰ ਡੁੱਬਦਾ ਦੇਖ ਦੂਜੇ ਨੇ ਬਚਾਉਣ ਲਈ ਪਾਣੀ ਵਿੱਚ ਛਾਲ ਮਾਰ ਦਿੱਤੀ। ਜਿਸ ਕਾਰਨ ਦੋਵੇਂ ਪਾਣੀ ਵਿੱਚ ਡੁੱਬ ਗਏ।

ਜਦੋਂ ਪਰਿਵਾਰ ਵਾਲਿਆਂ ਨੇ ਦੇਖਿਆ ਕਿ ਦੋਵੇਂ ਸ਼ਾਮ ਤੱਕ ਵਾਪਸ ਨਹੀਂ ਆਏ ਤਾਂ ਉਹ ਇਲਾਕੇ ਦੇ ਲੋਕਾਂ ਨੂੰ ਨਾਲ ਲੈ ਕੇ ਚੱਕੀ ਪੁਲ ਪਹੁੰਚੇ। ਜਿਸ ਤੋਂ ਬਾਅਦ ਪਰਿਵਾਰ ਨੇ ਪੁਲਿਸ ਅਤੇ ©4♣6 ਟੀਮ ਨੂੰ ਸੂਚਨਾ ਦਿੱਤੀ। ਮੁਹੱਲਾ ਵਾਸੀ ਅਜੇ ਮਹਾਜਨ ਅਤੇ ਨਰੇਸ਼ ਕੁਮਾਰ ਨੇ ਦੱਸਿਆ ਕਿ ਵਿਨੈ ਮਹਾਜਨ ਆਪਣੇ 12 ਸਾਲਾ ਲੜਕੇ ਅੰਜਸ ਮਹਾਜਨ ਨਾਲ ਸਕੂਟਰ ਤੇ ਪੂਜਾ ਸਮੱਗਰੀ ਵਿਸਰਜਨ ਦੇ ਬਹਾਨੇ ਚੱਕੀ ਦਰਿਆ ਕੋਲ ਆਏ ਸਨ। ਫਿਲਹਾਲ ਪੁਲਿਸ ਨੇ ਵਿਨੈ ਮਹਾਜਨ ਦੀ ਲਾਸ਼ ਬਰਾਮਦ ਕਰ ਲਈ ਹੈ। ਨਦੀ ਚ ਡੁੱਬੇ ਬੱਚੇ ਦਾ ਪਤਾ ਲਗਾਇਆ ਜਾ ਰਿਹਾ ਹੈ। ਪੁਲਸ ਨੇ ਲਾਸ਼ ਨੂੰ ਕਬਜ਼ੇ ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਹੈ ਅਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਡੀ.ਸੀ ਅਤੇ ਐਸ.ਐਸ.ਪੀ ਨੇ ਪਰਾਲੀ ਸਾੜਨ ਵਿਰੁੱਧ ਜ਼ੋਰਦਾਰ ਮੁਹਿੰਮ ਦੀ ਅਗਵਾਈ ਕੀਤੀ ਝੋਨੇ ਦੀ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਤੋਂ ਵਾਤਾਵਰਣ ਨੂੰ ਬਚਾਉਣ ਲਈ



ਲੁਧਿਆਣਾ, (ਲੋਕ ਬਾਣੀ) ਪਰਾਲੀ ਸਾੜਨ ਦੀ ਪ੍ਰਥਾ ਨੂੰ ਨੱਥ ਪਾਉਣ ਲਈ ਚੱਲ ਰਹੇ ਯਤਨਾਂ ਤਹਿਤ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਅਤੇ ਲੁਧਿਆਣਾ ਦਿਹਾਤੀ ਪੁਲਿਸ ਦੇ ਐਸ.ਐਸ.ਪੀ ਸ੍ਰੀ ਨਵਨੀਤ ਸਿੰਘ ਬੈਂਸ ਨੇ ਬੁੱਧਵਾਰ ਨੂੰ ਜ਼ਿਲ੍ਹੇ ਦੇ ਕਈ ਪਿੰਡਾਂ ਦਾ ਦੌਰਾ ਕੀਤਾ ਅਤੇ ਕਿਸਾਨਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਪਰਾਲੀ ਸਾੜਨ ਦੇ ਹਾਨੀਕਾਰਕ ਪ੍ਰਭਾਵਾਂ ਤੋਂ ਵਾਤਾਵਰਨ ਨੂੰ ਬਚਾਉਣ ਲਈ ਪੰਜਾਬ ਸਰਕਾਰ ਨਾਲ ਮਿਲ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਤੇ ਪੀ.ਪੀ.ਸੀ.ਬੀ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੇ ਨਾਲ ਸ੍ਰੀ ਜੋਰਵਾਲ ਅਤੇ ਸ੍ਰੀ ਬੈਂਸ ਨੇ ਪਿੰਡ ਹਾਂਸ ਕਲਾਂ, ਬਾਰਦੇਕੇ, ਛੱਜਾਵਾਲ, ਚੀਮਾਂ, ਪੱਬੀਆਂ, ਰੂੰਮੀ, ਕਮਾਲਪੁਰਾ, ਅਖਾੜਾ, ਕਾਉਂਕੇ ਕਲਾਂ, ਡੱਲਾ, ਲੱਖਾ, ਰਸੂਲਪੁਰ, ਮੱਲਾ, ਮਾਣੂੰਕੇ ਅਤੇ ਚਕਰ ਆਦਿ ਪਿੰਡਾਂ ਦੇ ਕਿਸਾਨਾਂ ਨਾਲ ਪਰਾਲੀ ਸਾੜਨ ਤੋਂ ਰੋਕਣ ਦੇ ਤਰੀਕਿਆਂ ਬਾਰੇ ਚਰਚਾ ਕੀਤੀ ਅਤੇ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਦੇ ਤਰੀਕਿਆਂ ਨੂੰ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਇਸ ਗੱਲ ਤੇ ਜ਼ੋਰ ਦਿੱਤਾ ਕਿ ਖੇਤਾਂ ਵਿਚ ਪਰਾਲੀ ਸਾੜਨ ਨਾਲ ਨਾ ਸਿਰਫ਼ ਵਾਤਾਵਰਣ ਲਈ ਖਤਰਾ ਪੈਦਾ ਹੁੰਦਾ ਹੈ ਸਗੋਂ ਜ਼ਰੂਰੀ ਪੌਸ਼ਟਿਕ ਤੱਤ ਨਸ਼ਟ ਹੋਣ ਕਰਕੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘਟਦੀ ਹੈ। ਉਨ੍ਹਾਂ ਵਾਤਾਵਰਨ ਨੂੰ ਬਚਾਉਣ ਲਈ ਅਜਿਹੇ ਅਮਲਾਂ ਨੂੰ ਰੋਕਣ ਲਈ ਸਮੂਹਿਕ ਯਤਨਾਂ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਪਰਾਲੀ ਸਾੜਨ ਦੇ ਇਸ ਮੁੱਦੇ ਵਿਰੁੱਧ ਸੂਬਾ ਸਰਕਾਰ ਦੀ ਮੁਹਿੰਮ ਦਾ ਵੀ ਜ਼ਿਕਰ ਕੀਤਾ ਅਤੇ ਸਾਰੇ ਵਸਨੀਕਾਂ ਦੀ ਸਰਗਰਮ ਭਾਗੀਦਾਰੀ ਦੀ ਮਹੱਤਤਾ ਤੇ ਜ਼ੋਰ ਦਿੱਤਾ। ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਇਹ ਵੀ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਖੇਤਾਂ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਲੋੜ ਪੈਣ ਤੇ ਤੁਰੰਤ ਕਾਰਵਾਈ ਕੀਤੀ ਜਾ ਰਹੀ ਹੈ। ਪ੍ਰਸ਼ਾਸਨ ਨੇ ਇਸ ਸੀਜ਼ਨ ਵਿੱਚ ਲਗਭਗ 16.53 ਲੱਖ ਮੀਟਰਕ ਟਨ ਝੋਨੇ ਦੀ ਪਰਾਲੀ ਦਾ ਪ੍ਰਬੰਧਨ ਕਰਨ ਦੀ ਯੋਜਨਾ ਬਣਾਈ ਹੈ, ਜਿਸ ਦੇ ਇੱਕ ਮਹੱਤਵਪੂਰਨ ਹਿੱਸੇ ਦਾ ਪ੍ਰਬੰਧਨ ਇਨ-ਸੀਟੂ ਅਤੇ ਐਕਸ-ਸੀਟੂ ਤਰੀਕਿਆਂ ਨਾਲ ਕੀਤਾ ਜਾਵੇਗਾ। ਉਨ੍ਹਾਂ ਨੇ 8978 ਮਸ਼ੀਨਾਂ ਦਾ ਵੀ ਜ਼ਿਕਰ ਕੀਤਾ, ਜਿਨ੍ਹਾਂ ਵਿੱਚ ਬੇਲਰ, ਰੇਕ, ਸੁਪਰ ਸੀਡਰ, ਸਮਾਰਟ ਸੀਡਰ, ਸਰਫੇਸ ਸੀਡਰ, ਜ਼ੀਰੋ ਡਰਿੱਲ, ਆਰ.ਐਮ.ਬੀ ਹਲ, ਮਲਚਰ, ਸਟਰਾਅ ਹੈਲੀਕਾਪਟਰ, ਸੁਪਰ ਐਸ.ਐਮ.ਐਸ, ਫਸਲ ਰੀਪਰ, ਰੋਟਰੀ ਸਲੈਸ਼ਰ ਆਦਿ ਸ਼ਾਮਲ ਹਨ। ਉਹਨਾਂ ਕਿਸਾਨਾਂ ਨੂੰ ਦੱਸਿਆ ਕਿ ਉਪਰੋਕਤ ਪਰਾਲੀ ਸੰਭਾਲਣ ਵਾਲੀਆਂ ਖੇਤੀ ਮਸ਼ੀਨਾਂ ਕਸਟਮ ਹਾਇਰਿੰਗ ਸੈਂਟਰਾਂ, ਸੁਸਾਇਟੀਆਂ ਅਤੇ ਕਿਸਾਨ ਸਮੂਹਾਂ ਨੂੰ ਪਰਾਲੀ ਦੀ ਰਹਿੰਦ-ਖੂੰਹਦ ਦਾ ਕੁਸ਼ਲਤਾ ਨਾਲ ਪ੍ਰਬੰਧਨ ਕਰਨ ਲਈ ਮੁਹੱਈਆ ਕਰਵਾਈਆ ਗਈਆ ਹਨ ਤਾਂ ਜੋ ਇਸ ਸਮੱਸਿਆ ਨਾਲ ਸਹੀ ਢੰਗ ਨਾਲ ਨਿਪਟਿਆ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਉਹ ਪਰਾਲੀ ਸਾੜਨ ਤੋਂ ਰੋਕਣ ਲਈ ਆਉਣ ਵਾਲੇ ਦਿਨਾਂ ਵਿੱਚ ਹੋਰ ਪਿੰਡਾਂ ਦਾ ਦੌਰਾ ਵੀ ਕਰਨਗੇ। ਇਸ ਤੋਂ ਇਲਾਵਾ, ਡੀ.ਸੀ ਸ੍ਰੀ ਜੋਰਵਾਲ ਅਤੇ ਐਸ.ਐਸ.ਪੀ ਸ੍ਰੀ ਬੈਂਸ ਦੋਵਾਂ ਨੇ ਅਜਿਹੇ ਅਗਾਂਹਵਧੂ ਕਿਸਾਨਾਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਜਿਨ੍ਹਾਂ ਨੇ ਪਰਾਲੀ ਸਾੜਨ ਨੂੰ ਛੱਡ ਦਿੱਤਾ ਹੈ ਅਤੇ ਇਨ-ਸੀਟੂ ਅਤੇ ਐਕਸ-ਸੀਟੂ ਤਕਨੀਕਾਂ ਦੀ ਵਰਤੋਂ ਕਰਕੇ ਪਰਾਲੀ ਦੀ ਰਹਿੰਦ-ਖੂੰਹਦ ਦਾ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਨ ਕਰ ਰਹੇ ਹਨ।

# ਪੰਜਾਬ ਚ ਪੰਚਾਇਤੀ ਚੋਣਾਂ ਦਾ ਰਾਹ ਹੋਇਆ ਪੱਧਰਾ: ਹਾਈਕੋਰਟ ਨੇ ਪਟੀਸ਼ਨ ਕੀਤੀ ਖਾਰਜ





ਲੁਧਿਆਣਾ: (ਲੋਕ ਬਾਣੀ) ਪੰਜਾਬ ਸਰਕਾਰ ਨੂੰ ਵੱਡੀ ਰਾਹਤ ਦਿੰਦਿਆਂ ਹਾਈ ਕੋਰਟ ਨੇ ਅੱਜ 15 ਅਕਤੂਬਰ ਨੂੰ ਹੋਣ ਵਾਲੀਆਂ ਪੰਚਾਇਤੀ ਚੋਣਾਂ ਨੂੰ ਹਰੀ ਝੰਡੀ ਦੇ ਦਿੱਤੀ ਹੈ। ਹਾਈ ਕੋਰਟ ਨੇ ਅੱਜ ਇਸ ਚੋਣ ਵਿੱਚ ਰਾਖਵੇਂਕਰਨ ਖ਼ਿਲਾਫ਼ ਦਾਇਰ ਸਾਰੀਆਂ ਪਟੀਸ਼ਨਾਂ ਨੂੰ ਰੱਦ ਕਰ ਦਿੱਤਾ ਹੈ।

ਇਸ ਤੋਂ ਇਲਾਵਾ ਇੱਕੋ ਪਰਿਵਾਰ ਦੀਆਂ ਵੋਟਾਂ ਵੱਖ-ਵੱਖ ਵਾਰਡਾਂ ਵਿੱਚ ਬਣਾਉਣ ਅਤੇ ਚੁੱਲ੍ਹਾ ਟੈਕਸ ਸਬੰਧੀ ਮੁੱਦੇ ਵੀ ਸਾਹਮਣੇ ਆਏ। ਅਦਾਲਤ ਨੇ ਪੰਜਾਬ ਸਰਕਾਰ ਨੂੰ ਸਭ ਕੁਝ ਠੀਕ ਕਰਨ ਦੇ ਹੁਕਮ ਦਿੱਤੇ ਹਨ।ਹਾਈਕੋਰਟ ਨੇ ਪੰਚਾਇਤੀ ਚੋਣਾਂ ਵਿਰੁੱਧ 150 ਤੋਂ ਵੱਧ ਪਟੀਸ਼ਨਾਂ ਦਾ ਨਿਪਟਾਰਾ ਕਰਦਿਆਂ ਅੱਜ ਇਹ ਹੁਕਮ ਦਿੱਤੇ ਹਨ।

# ਢਕੋਲੀ ਰੇਲਵੇ ਅੰਡਰਪਾਸ; ਮੋਹਾਲੀ ਪ੍ਰਸ਼ਾਸਨ ਨੇ ਨਿਰਮਾਣ ਲਈ ਰੇਲਵੇ ਅਧਿਕਾਰੀਆਂ ਨੂੰ ਐਨ ਓ ਸੀ ਕੀਤਾ ਜਾਰੀ

ਐਸ.ਏ.ਐਸ.ਨਗਰ, (ਲੋਕ ਬਾਣੀ) ਢਕੋਲੀ ਰੇਲਵੇ ਅੰਡਰਪਾਸ ਦੀ ਉਸਾਰੀ ਲਈ ਰੇਲਵੇ ਕਰਾਸਿੰਗ ਬੰਦ ਕਰਨ ਸਬੰਧੀ ਰੇਲਵੇ ਅਧਿਕਾਰੀਆਂ ਦੀ ਬੇਨਤੀ ਨੂੰ ਪ੍ਰਵਾਨ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਐਸ.ਏ.ਐਸ.ਨਗਰ (ਮੁਹਾਲੀ) ਨੇ ਲੋਕ ਹਿੱਤ ਵਿੱਚ ਕੁਝ ਸ਼ਰਤਾਂ ਸਮੇਤ ਰੇਲਵੇ ਕਰਾਸਿੰਗ ਨੂੰ ਬੰਦ ਕਰਨ ਸਬੰਧੀ ਕੋਈ ਇਤਰਾਜ਼ ਨਹੀਂ ਪੱਤਰ ਜਾਰੀ ਕਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਸਥਾਨਕ ਨਿਵਾਸੀਆਂ ਨੂੰ ਕੋਈ ਪ੍ਰੇਸ਼ਾਨੀ ਨਾ ਆਉਣ ਦੇਣ ਲਈ ਰੇਲਵੇ ਅਥਾਰਟੀਆਂ ਨੂੰ ਬੇਨਤੀ ਕੀਤੀ ਗਈ ਹੈ ਕਿ ਢਕੋਲੀ ਵਿਖੇ ਪ੍ਰਸਤਾਵਿਤ ਆਰ.ਯੂ.ਬੀ ਦੀਆਂ ਸਰਵਿਸ ਲੇਨਾਂ ਦੀ ਨਾਲ ਲੱਗਦੀਆਂ ਇਮਾਰਤਾਂ ਦੇ ਸਾਹਮਣੇ ਆਵਾਜਾਈ ਲਈ ਲੋੜੀਂਦੀ ਜਗ੍ਹਾ ਦੇ ਨਾਲ ਢਕੋਲੀ ਦੇ ਦੋਵੇਂ ਪਾਸੇ ਉਸਾਰੀ ਕੀਤੀ ਜਾਵੇ ਤਾਂ ਜੋ ਸੜਕ ਤੇ ਮੌਜੂਦ ਇਮਾਰਤ ਤੱਕ ਪਹੁੰਚ ਵਿੱਚ ਰੁਕਾਵਟ ਨਾ ਆਵੇ। ਇਨ੍ਹਾਂ ਸਰਵਿਸ ਲੇਨਾਂ ਨੂੰ ਵੀ ਆਰ ਸੀ ਸੀ ਬਾਕਸ ਢਾਂਚੇ ਤੋਂ ਪਹਿਲਾਂ ਕੁਨੈਕਟ ਜਾਣਾ ਚਾਹੀਦਾ ਹੈ ਤਾਂ ਜੋ ਘੱਟ ਸਫ਼ਰ ਨੂੰ ਯਕੀਨੀ ਬਣਾਇਆ ਜਾ ਸਕੇ।



ਰੇਲਵੇ ਅਧਿਕਾਰੀਆਂ ਨੂੰ ਇਹ ਵੀ ਤਾਕੀਦ ਕੀਤੀ ਗਈ ਹੈ ਕਿ ਉਹ ਸਾਈਡ ਡਰੇਨਾਂ ਦਾ ਨਿਰਮਾਣ ਕਰਕੇ ਅਤੇ ਇਨ੍ਹਾਂ ਡਰੇਨਾਂ ਨੂੰ ਸਥਾਨਕ ਚੋਅ/ਮੌਜੂਦਾ ਡਰੇਨੇਜ ਸਿਸਟਮ ਨਾਲ ਜੋੜ ਕੇ ਸਰਵਿਸ ਲੇਨਾਂ ਤੇ ਸਹੀ ਨਿਕਾਸੀ ਪ੍ਰਣਾਲੀ ਨੂੰ ਯਕੀਨੀ ਬਣਾਉਣ। ਇਸ ਤੋਂ ਇਲਾਵਾ, ਆਰ.ਯੂ.ਬੀ ਦੇ ਦੋਵੇਂ ਪਾਸੇ ਫੁੱਟਪਾਥ ਨੂੰ ਢੁਕਵੀਂ ਸਮੱਗਰੀ ਦੇ ਸ਼ੈਡਾਂ ਨਾਲ ਢੱਕਿਆ ਜਾਣਾ ਚਾਹੀਦਾ ਹੈ ਤਾਂ ਜੋ ਬਰਸਾਤ ਦਾ ਪਾਣੀ ਆਰ.ਯੂ.ਬੀ ਅਤੇ ਇਸ ਦੀ ਪਹੁੰਚ ਸੜਕ ਦੇ ਅੰਦਰ ਇਕੱਠਾ ਨਾ ਹੋਵੇ।

ਇਸੇ ਤਰ੍ਹਾਂ ਪਾਣੀ ਨੂੰ ਇਕੱਠਾ ਹੋਣ ਤੋਂ ਰੋਕਣ ਲਈ ਰੇਨ ਵਾਟਰ ਹਾਰਵੈਸਟਿੰਗ ਖੂਹ ਜਾਂ ਕੋਈ ਹੋਰ ਢੁਕਵਾਂ ਸਿਸਟਮ ਲਗਾ ਕੇ ਆਰਸੀਸੀ ਬਾਕਸ ਢਾਂਚੇ ਦੇ ਅੰਦਰ ਪਾਣੀ ਦੀ ਨਿਕਾਸੀ ਦੀ ਢੁਕਵੀਂ ਨਿਕਾਸੀ ਵੀ ਮੰਗੀ ਗਈ ਹੈ।

ਭਵਿੱਖ ਵਿੱਚ ਕਿਸੇ ਵੀ ਟ੍ਰੈਫਿਕ ਰੁਕਾਵਟ ਤੋਂ ਬਚਣ ਲਈ, ਰੇਲਵੇ ਅਥਾਰਟੀਆਂ ਨੂੰ ਕਿਹਾ ਗਿਆ ਹੈ ਕਿ ਉਹ ਆਰਸੀਸੀ ਬਾਕਸ ਬਣਤਰ ਦੇ ਕੈਰੇਜ ਵੇਅ ਨੂੰ ਦੋਵਾਂ ਸਾਈਡਾਂ ਤੇ ਮੌਜੂਦਾ ਪਹੁੰਚ ਸੜਕਾਂ ਦੇ ਨਾਲ ਮੌਜੂਦਾ ਬਣਤਰ ਤੋਂ ਘੱਟ ਨਾ ਰੱਖਣ। ਰੇਲਵੇ ਦੇ ਪ੍ਰਸਤਾਵਿਤ ਜੀ ਏ ਡੀ ਵਿੱਚ ਦਰਸਾਏ ਅਨੁਸਾਰ 3.35 ਮੀਟਰ ਦੀ ਉਚਾਈ ਦੀ ਬਜਾਏ ਸਾਰੀਆਂ ਸ਼੍ਰੇਣੀਆਂ ਦੇ ਆਵਾਜਾਈ ਵਾਹਨਾਂ ਦੇ ਸੁਚਾਰੂ ਪ੍ਰਵਾਹ ਲਈ ਆਰਸੀਸੀ ਬਾਕਸ ਢਾਂਚੇ ਦੀ ਸਪਸ਼ਟ ਉਚਾਈ 5.50 ਮੀਟਰ ਦੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ।

ਦੋਵੇਂ ਪਾਸੇ ਆਰ ਯੂ ਬੀ ਦੇ ਪਹੁੰਚ ਦੇ ਆਰ ਸੀ ਸੀ ਫੁੱਟਪਾਥ ਨੂੰ ਨਵੀਨਤਮ ਆਈ ਆਰ ਸੀ ਵਿਸ਼ੇਸ਼ਤਾਵਾਂ ਅਤੇ ਟ੍ਰੈਫਿਕ ਤੀਬਰਤਾ ਦੇ ਅਨੁਸਾਰ ਤਿਆਰ ਕੀਤਾ ਜਾਵੇ। ਸਾਰੀਆਂ ਵਿਸਤ੍ਰਿਤ ਡਰਾਇੰਗਾਂ ਦਾ ਪੂਰਾ ਸੈੱਟ, ਕੰਮ ਪੂਰਾ ਹੋਣ ਤੋਂ ਬਾਅਦ ਡੀ ਸੀ ਦਫਤਰ ਨੂੰ ਭਵਿੱਖ ਦੇ ਸੰਦਰਭ ਵਿੱਚ ਜਮ੍ਹਾਂ ਕਰਵਾਉਣ ਲਈ ਕਿਹਾ ਗਿਆ ਹੈ।

ਇਸ ਤੋਂ ਇਲਾਵਾ, ਆਮ ਲੋਕਾਂ ਦੀ ਸਹੂਲਤ ਲਈ ਇੱਕ ਬਦਲਵੇਂ ਰੂਟ ਦੀ ਮੰਗ ਕੀਤੀ ਗਈ ਹੈ, ਜਿਸ ਨਾਲ ਵਾਹਨਾਂ ਅਤੇ ਪੈਦਲ ਯਾਤਰੀਆਂ ਲਈ ਨਿਰਵਿਘਨ ਅਤੇ ਸੁਰੱਖਿਅਤ ਲਾਂਘੇ ਨੂੰ ਯਕੀਨੀ ਬਣਾਇਆ ਜਾ ਸਕੇ। ਡਿਪਟੀ ਕਮਿਸ਼ਨਰ ਜੈਨ ਨੇ ਕਿਹਾ ਕਿ ਬਦਲਵੇਂ ਰੂਟ ਦੀ ਸਪੱਸ਼ਟ ਨਿਸ਼ਾਨਦੇਹੀ ਕੀਤੀ ਜਾਣੀ ਚਾਹੀਦੀ ਹੈ ਅਤੇ ਲੋਕਾਂ ਨੂੰ ਢੁਕਵੇਂ ਸੰਕੇਤ (ਸਾਇਨ) ਬੋਰਡਾਂ ਦੁਆਰਾ ਇਸ ਬਾਰੇ ਸੂਚਿਤ ਕੀਤਾ ਜਾਣਾ ਚਾਹੀਦਾ ਹੈ। ਇਸ ਤੋਂ ਇਲਾਵਾ, ਰੇਲਵੇ ਅਥਾਰਟੀ ਨੂੰ ਰੇਲਵੇ ਕਰਾਸਿੰਗ ਨੂੰ ਬੰਦ ਕਰਨ ਅਤੇ ਉਪਲਬਧ ਵਿਕਲਪਕ ਰੂਟਾਂ ਬਾਰੇ ਆਸ ਪਾਸ ਦੇ ਵਸਨੀਕਾਂ ਅਤੇ ਯਾਤਰੀਆਂ ਨੂੰ ਸੂਚਿਤ ਕਰਨ ਲਈ ਜਨਤਕ ਜਾਗਰੂਕਤਾ ਮੁਹਿੰਮ ਚਲਾਉਣ ਲਈ ਵੀ ਕਿਹਾ ਗਿਆ ਹੈ ਅਤੇ ਬੰਦਕਰਨ ਤੋਂ ਪਹਿਲਾਂ ਘੱਟੋ-ਘੱਟ ਦਿਨਾਂ ਦੀ ਗਿਣਤੀ ਦਾ ਖੁਲਾਸਾ ਕਰਕੇ ਢੁਕਵਾਂ ਨੋਟਿਸ ਦਿੱਤਾ ਜਾਣਾ ਚਾਹੀਦਾ ਹੈ।

ਰੇਲਵੇ ਅਧਿਕਾਰੀਆਂ ਨੂੰ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਇਸ ਦੌਰਾਨ ਸੁਰੱਖਿਆ ਦੇ ਢੁਕਵੇਂ ਉਪਾਅ ਕੀਤੇ ਜਾਣੇ ਚਾਹੀਦੇ ਹਨ

ਬੰਦ ਕਰਨ ਦੀ ਪ੍ਰਕਿਰਿਆ, ਜਿਸ ਵਿੱਚ ਬੈਰੀਕੇਡਿੰਗ ਅਤੇ ਟ੍ਰੈਫਿਕ ਨਿਯਮਾਂ ਲਈ ਕਰਮਚਾਰੀਆਂ ਦੀ ਤਾਇਨਾਤੀ ਅਤੇ ਕਰਾਸਿੰਗ ਦੇ ਸਾਰੇ ਪ੍ਰਵੇਸ਼ ਅਤੇ ਨਿਕਾਸ ਪੁਆਇੰਟਾਂ ਤੇ ਦਿਖਾਈ ਦੇਣ ਵਾਲੇ ਚੇਤਾਵਨੀ ਚਿੰਨ੍ਹ ਸ਼ਾਮਲ ਹਨ।

ਇਸੇ ਤਰ੍ਹਾਂ, ਰੇਲਵੇ ਕਰਾਸਿੰਗ ਨੂੰ ਬੰਦ ਕਰਨ ਮੌਕੇ ਭਾਰਤੀ ਰੇਲਵੇ ਐਕਟ ਦੇ ਨਾਲ-ਨਾਲ ਟ੍ਰੈਫਿਕ ਅਤੇ ਜਨਤਕ ਸੁਰੱਖਿਆ ਸੰਬੰਧੀ ਕਿਸੇ ਵੀ ਰਾਜ ਅਤੇ ਸਥਾਨਕ ਨਿਯਮਾਂ ਦੇ ਅਧੀਨ ਸੰਬੰਧਿਤ ਕਾਨੂੰਨੀ ਉਪਬੰਧਾਂ ਦੀ ਪਾਲਣਾ ਕਰਨੀ ਪਵੇਗੀ।

ਸਥਾਨਕ ਅਥਾਰਟੀਆਂ ਨਾਲ ਤਾਲਮੇਲ ਤੇ ਜ਼ੋਰ ਦਿੰਦੇ ਹੋਏ, ਰੇਲਵੇ ਅਥਾਰਟੀ ਨੂੰ ਰੇਲਵੇ ਕਰਾਸਿੰਗ ਬੰਦ ਕਰਨ ਦੌਰਾਨ ਸੁਚਾਰੂ ਆਵਾਜਾਈ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਪੁਲਿਸ ਵਿਭਾਗ, ਲੋਕ ਨਿਰਮਾਣ ਵਿਭਾਗ ਅਤੇ ਸਥਾਨਕ ਸਰਕਾਰਾਂ ਅਥਾਰਟੀ ਨਾਲ ਤਾਲਮੇਲ ਕਰਨ ਲਈ ਕਿਹਾ ਗਿਆ ਹੈ।

ਇਸ ਤੋਂ ਇਲਾਵਾ, ਰੇਲਵੇ ਕਰਾਸਿੰਗ ਦੇ ਬੰਦ ਹੋਣ ਕਾਰਨ ਜੇਕਰ ਕੋਈ ਜਨਤਕ ਬੁਨਿਆਦੀ ਢਾਂਚਾ ਪ੍ਰਭਾਵਿਤ ਹੁੰਦਾ ਹੈ, ਤਾਂ ਰੇਲਵੇ ਅਥਾਰਟੀ ਜ਼ਿਲ੍ਹਾ ਪ੍ਰਸ਼ਾਸਨ ਦੀ ਸੰਤੁਸ਼ਟੀ ਮੁਤਾਬਕ ਇਸ ਨੂੰ ਪਹਿਲੀ ਸਥਿਤੀ ਚ ਬਹਾਲ ਕਰਨ ਲਈ ਜ਼ਿੰਮੇਵਾਰ ਹੋਵੇਗੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰੇਲਵੇ ਅਥਾਰਟੀ ਤੋਂ ਪੂਰਨ ਸਹਿਯੋਗ ਦੀ ਉਮੀਦ ਕਰਦੇ ਹੋਏ ਉਪਰੋਕਤ ਸ਼ਰਤਾਂ/ਉਪਾਵਾਂ ਨੂੰ ਲਾਗੂ ਕਰਨ ਦੀ ਨਿਗਰਾਨੀ ਕੀਤੀ ਜਾਵੇਗੀ।

ਡੀ ਸੀ ਜੈਨ ਨੇ ਕਿਹਾ ਕਿ ਐਨ ਓ ਸੀ ਜਾਰੀ ਹੋਣ ਦੀ ਮਿਤੀ ਤੋਂ ਇੱਕ ਸਾਲ ਦੀ ਮਿਆਦ ਲਈ ਵੈਧ ਹੋਵੇਗੀ ਅਤੇ ਕਿਹਾ ਕਿ ਰੇਲਵੇ ਅਧਿਕਾਰੀਆਂ ਨੂੰ ਕੰਮ ਦੇ ਨਿਪਟਾਰੇ ਦੌਰਾਨ ਸਾਰੀਆਂ ਸ਼ਰਤਾਂ ਦੀ ਸਖ਼ਤੀ ਨਾਲ ਪਾਲਣਾ ਕਰਨੀ ਪਵੇਗੀ।

# ਸਿਵਲ ਅਤੇ ਪੁਲਿਸ ਪ੍ਰਸ਼ਾਸ਼ਿਨਕ ਅਧਿਕਾਰੀਆਂ ਨੇ ਕਿਸਾਨਾਂ ਨੂੰ ਪਰਾਲੀ ਦੇ ਯੋਗ ਪ੍ਰਬੰਧਨ ਲਈ ਕੀਤਾ ਜਾਗਰੂਕ



ਅਹਿਮਦਗੜ੍ਹ/ਮਾਲੇਰਕੋਟਲਾ :ਕਿਮੀ ਅਰੋੜਾ,ਅਸਲਮ ਨਾਜ਼) ਜ਼ਿਲ੍ਹੇ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਵਾਲੇ ਕੇਸਾਂ ਨੂੰ ਠੱਲ੍ਹ ਪਾਉਣ ਦੇ ਮੱਦੇਨਜਰ ਅਤੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਕਾਰਨ ਹੁੰਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਲਈ ਡਿਪਟੀ ਕਮਿਸ਼ਨਰ ਡਾ ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਐਸ.ਡੀ.ਐਮ. ਹਰੰਬਸ ਅਤੇ ਡੀ.ਐਸ.ਪੀ. ਕੁਲਦੀਪ ਸਿੰਘ ਨੇ ਅਹਿਮਦਗੜ੍ਹ ਬਲਾਕ ਦੇ ਪਿੰਡ ਆਦਮਵਾਲ ,ਆਨਖੇੜੀ ਅਤੇ ਅਤੇ ਰੁੜਕਾ ਵਿਖੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੇ ਬੁਰੇ ਪ੍ਰਭਾਵਾਂ ਤੋਂ ਅਵਗਤ ਕਰਵਾਹਿਆ । ਇਸ ਦੌਰਾਨ ਉਨ੍ਹਾਂ ਵੱਲੋਂ ਪਿੰਡ ਦੇ ਕਿਸਾਨਾਂ ਨਾਲ ਗੱਲਬਾਤ ਕੀਤੀ ਗਈ ਅਤੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਆ ਰਹੀਆਂ ਮੁਸ਼ਕਿਲਾਂ ਬਾਰੇ ਸੁਣਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਵਿਕਾਸ ਅਫਸਰ ਡਾ. ਰਾਕੇਸ਼ ਕੁਮਾਰ ਵੀ ਮੌਜੂਦ ਸਨ ।

ਉਨ੍ਹਾਂ ਇਸ ਮੌਕੇ ਕਿਸਾਨਾਂ ਨੂੰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਬਸਿਡੀ ਦੇ ਮਿਲਣ ਵਾਲੀ ਮਸ਼ੀਨਰੀ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਵਾਤਾਵਰਨ ਨੂੰ ਬਚਾਉਂਣ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਹੀ ਅਸੀ ਆਪਣੀ ਆਉਣ ਵਾਲੀ ਪੀੜੀਆਂ ਲਈ ਵਾਤਾਵਰਣ ਨੂੰ ਸੁਰੱਖਿਅਤ ਰੱਖ ਸਕਦੇ ਹਾਂ । ਵਾਤਾਵਰਨ ਨੂੰ ਪਲੀਤ ਹੋਣ ਤੋਂ ਬਚਾਉਣਾ ਸਾਡੀ ਨੈਤਿਕ ਜ਼ਿੰਮੇਵਾਰੀ ਹੈ। ਪਰਾਲੀ ਨੂੰ ਅੱਗ ਲਾਉਣ ਨਾਲ ਪਲੀਤ ਹੁੰਦੇ ਵਾਤਾਵਰਨ ਨੂੰ ਬਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਇਸ ਮਾੜੀ ਪਰਥਾ ਨੂੰ ਰੋਕਣ ਲਈ ਸੁਚੱਜੇ ਪ੍ਰਸ਼ਾਸਨ ਵੱਲੋਂ ਦਿਨ-ਰਾਤ ਇੱਕ ਕਰਕੇ ਕੰਮ ਕੀਤਾ ਜਾ ਰਿਹਾ ਹੈ ਉਹਨਾਂ ਦੱਸਿਆ ਕਿ ਪਰਾਲੀ ਸਾੜਨ ਤੋਂ ਰੋਕਣ ਲਈ ਜਾਗਰੂਕਤਾ ਦੇ ਨਾਲ ਨਾਲ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਲੋੜੀਂਦੀ ਮਸ਼ੀਨੇਰੀ ਵੀ ਸਬਸਿਡੀ ਤੇ ਮੁਹਈਆ ਕਰਵਾਈ ਗਈ ਹੈ ਉਹਨਾਂ ਕਿਹਾ ਕਿ ਇਸ ਮਸ਼ੀਨਰੀ ਦੀ ਬਲਾਕ ਦੇ ਕਿਸਾਨਾਂ ਲਈ ਉਪਲਬਧਤਾ ਯਕੀਨੀ ਬਣਾਉਣ ਲਈ ਪਾਰਦਰਸ਼ੀ ਢੰਗ ਨਾਲ ਮੈਪਿੰਗ ਯਕੀਨੀ ਬਣਾਈ ਜਾਵੇਗੀ ਅਤੇ ਲੋੜ ਪੈਣ ਤੇ ਕੋਈ ਵੀ ਕਿਸਾਨ ਖੇਤੀਬਾੜੀ ਵਿਭਾਗ ਨਾਲ ਰਾਬਤਾ ਕਰਕੇ ਇਹ ਮਸ਼ੀਨਰੀ ਵਰਤ ਕੇ ਪਰਾਲੀ ਸੰਭਾਲ ਸਕਦੇ ਹਨ ।

ਡੀ.ਐਸ.ਪੀ ਕੁਲਦੀਪ ਸਿੰਘ ਨੇ ਦੱਸਿਆ ਕਿ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਪੁਲਿਸ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾ ਰਿਹਾ ਹੈ । ਵਾਤਾਵਰਨ ਨੂੰ ਬਚਾਉਣ ਲਈ ਕਿਸਾਨਾਂ ਨੂੰ ਸੰਜੀਦਗੀ ਨਾਲ ਹੰਭਲਾ ਮਾਰਨ ਦੀ ਲੋੜ ਹੈ। ਇਸ ਕੈਂਪ ਵਿੱਚ ਖੇਤੀਬਾੜੀ ਵਿਕਾਸ ਅਫਸਰ,ਅਹਿਮਦਗੜ੍ਹ ਡਾ. ਰਾਕੇਸ਼ ਕੁਮਾਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਦੀ ਅਪੀਲ ਕਰਦਿਆਂ ਸੀ.ਆਰ.ਐਮ ਸਕੀਮ ਤਹਿਤ ਪਰਾਲੀ ਦੇ ਯੋਗ ਪ੍ਰਬੰਧਨ ਲਈ ਸਬਸਿਡੀ ਉੱਪਰ ਦਿੱਤੀ ਜਾਣ ਵਾਲੀਆਂ ਮਸ਼ੀਨਰੀ ਬਾਰੇ ਜਾਣਕਾਰੀ ਦਿੱਤੀ ਅਤੇ ਪਰਾਲੀ ਨੂੰ ਬਿਨਾਂ ਅੱਗ ਲਗਾ ਕੇ ਕਣਕ ਦੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ ਉਹਨਾਂ ਹੋਰ ਦੱਸਿਆ ਕਿ ਜਿੱਥੇ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਮਿਲਾ ਕੇ ਮਿੱਟੀ ਦੀ ਉਪਜਾਊ ਸ਼ਕਤੀ ਵਿੱਚ ਵਾਧਾ ਕੀਤਾ ਜਾ ਸਕਦਾ ਹੈ। ਉੱਥੇ ਹੀ ਖੇਤ ਲਾਗਤ ਖਰਚਾ ਘਟਾਇਆ ਜਾ ਸਕਦਾ ਹੈ ਅਤੇ ਵਾਤਾਵਰਨ ਦੂਸ਼ਿਤ ਹੋਣ ਤੋਂ ਵੀ ਬਚਾਇਆ ਜਾ ਸਕਦਾ ਹੈ।

# ਬੀ ਐਡ ਕਾਲਜ ਸੇਹ-ਕੇ ਵਿੱਚ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ



ਮਾਲੇਰਕੋਟਲਾ(ਕਿਮੀ ਅਰੋੜਾ,ਅਸਲਮ ਨਾਜ਼)

ਮਲੇਰਕੋਟਲਾ ਸ਼ਹਿਰ ਦੀ ਨਾਮਵਰ ਸਿੱਖਿਆ ਸੰਸਥਾ ਸ੍ਰੀ ਗੁਰੂ ਤੇਗ ਬਹਾਦੁਰ ਕਾਲਜ ਆਫ ਐਜੂਕੇਸ਼ਨ ਸੇਹ-ਕੇ ਵਿੱਚ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਰਵਿੰਦਰ ਸਿੰਘ ਸਿੱਧੂ ਜੀ ਦੀ ਅਗਵਾਈ ਹੇਠ ਸਿਹਤ ਵਿਭਾਗ ਬ੍ਰਾਂਚ ਮਲੇਰਕੋਟਲਾ ਵਲੋਂ ਐਚ ਆਈ ਵੀ ਏਡਜ਼ ਅਤੇ ਨਸ਼ਿਆਂ ਸਬੰਧੀ ਜਾਗਰੂਕ ਸੈਮੀਨਾਰ ਕਰਵਾਇਆ ਗਿਆ ਜਿਸ ਵਿਚ ਸਿਹਤ ਵਿਭਾਗ ਬ੍ਰਾਂਚ ਮਲੇਰਕੋਟਲਾ ਦੇ ਪ੍ਰੋਜੈਕਟ ਮੈਨੇਜਰ ਹੁਸ਼ਿਆਰ ਸਿੰਘ ਅਤੇ ਗੁਰਪ੍ਰੀਤ ਸਿੰਘ ਆਉਟਰੀਚ ਵਰਕਰ ਅਤੇ ਗੁਰਜੀਤ ਕੌਰ ਸਟਾਫ ਨਰਸ ਉਚੇਚੇ ਤੌਰ ਤੇ ਪੁਹੰਚੇ ਅਤੇ ਵਿਦਿਆਰਥੀਆਂ ਨੂੰ ਸਮਾਜ ਵਿਚ ਦਿਨੋ ਦਿਨ ਫੈਲ ਰਹੀ ਬਿਮਾਰੀ ਐਚ ਆਈ ਵੀ ਏਡਜ਼ ਅਤੇ ਨਸ਼ਿਆਂ ਦੇ ਕਾਰਨ ਅਤੇ ਇਲਾਜ ਬਾਰੇ ਸੂਚਿਤ ਕੀਤਾ ਇਸ ਉਪਰੰਤ ਕਾਲਜ ਸਟਾਫ ਡਾ: ਸ਼ੁਭਪ੍ਰੀਤ ਕੌਰ, ਸਹਾਇਕ ਪ੍ਰੋਫ਼ੈਸਰ ਜਸਪਿੰਦਰਜੀਤ ਸਿੰਘ, ਸਹਾਇਕ ਪ੍ਰੋਫ਼ੈਸਰ ਦਿਲਪ੍ਰੀਤ ਰਿਹਾਨ,ਸਹਾਇਕ ਪ੍ਰੋਫ਼ੈਸਰ ਸੁਮਨ ਸ਼ਰਮਾ ਤੇ ਸੁਖਪਾਲ ਸਿੰਘ ਜੀ ਮੌਕੇ ਤੇ ਮੋਜੂਦ ਰਹੇ।ਮੰਚ ਸੰਚਾਲਕ ਸਹਾਇਕ ਪ੍ਰੋਫ਼ੈਸਰ ਤੌਸੀਫ਼ ਅਹਿਮਦ ਜੀ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਪ੍ਰੋਗਰਾਮ ਦਾ ਸਮਾਪਨ ਕੀਤਾ।

# ਪ੍ਰਧਾਨ ਲੌਂਗੀਆ ਨੇ ਕੀਤਾ ਰਾਮਲੀਲਾ ਦੇ ਮੰਚਨ ਦਾ ਉਦਘਾਟਨ



ਖਰੜ ( ਕਾਲਾ ਸਿੰਘ ਸੈਣੀ ) -ਸ਼੍ਰੀ ਰਾਮ ਲੀਲਾ ਕਲੱਬ (ਰਜ਼ਿ) ਖਰੜ ਦੁਸਹਿਰਾ ਗਰਾਊਂਡ ਵਲੋਂ ਕਰਵਾਈ ਜਾ ਰਹੀ ਸ਼੍ਰੀ ਰਾਮ ਲੀਲਾ ਦੀ ਦੂਸਰੀ ਨਾਇਟ ਦੇ ਮੰਚਨ ਦਾ ਉਦਘਾਟਨ ਮੈਡਮ ਜਸਪ੍ਰੀਤ ਕੌਰ ਲੌਂਗੀਆ ਨਗਰ ਕੌਂਸਲ ਪ੍ਰਧਾਨ ਖਰੜ ਵਲੋਂ ਕੀਤਾ ਗਿਆ। ਉਨਾਂ ਕਿਹਾ ਕਿ ਸਾਨੂੰ ਸ਼੍ਰੀ ਰਾਮ ਚੰਦਰ ਜੀ ਦੇ ਆਦਰਸ਼ਵਾਦੀ ਜੀਵਨ ਅਤੇ ਸਿੱਖਿਆ ਤੋਂ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ। ਸਾਨੂੰ ਆਪਣੇ ਮਾਤਾ ਪਿਤਾ ਆਗਿਆ ਦਾ ਪਾਲਣ ਕਰਦਿਆਂ ਉਨਾਂ ਦੀ ਸੇਵਾ ਕਰਨੀ ਚਾਹੀਦੀ ਹੈ। ਮਾਪਿਆਂ ਦੀ ਸੇਵਾ ਸਭ ਤੋਂ ਉੱਤਮ ਸੇਵਾ ਹੈ। ਉਨਾਂ ਕਲੱਬ ਦੇ ਇਸ ਉਪਰਾਲੇ ਦੀ ਸਲਾਘਾ ਕਰਦਿਆਂ ਕਲੱਬ ਨੂੰ 31000 ਹਜਾਰ ਰੁਪਏ ਦੀ ਸਹਾਇਤਾ ਵੀ ਪ੍ਰਦਾਨ ਕੀਤੀ। ਕਲੱਬ ਵਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਜ ਸੇਵੀ ਪਰਮਿੰਦਰ ਸਿੰਘ ਲੌਂਗੀਆ,ਜੀਤ ਸਿੰਘ ਲੌਂਗੀਆ,ਦੁਸਹਿਰਾ ਕਮੇਟੀ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ, ਅਤੇ ਕਲੱਬ ਦੇ ਅਹੁੱਦੇਦਾਰ ਜਵਾਹਰ ਲਾਲ ਸ਼ਰਮਾ,ਪ੍ਰਿੰਸੀਪਲ ਜਤਿੰਦਰ ਕੁਮਾਰ ਗੁਪਤਾ,ਹੇਮੰਤ ਸ਼ਰਮਾ,ਮਨਜੀਤ ਸਿੰਘ ਬੈਦਵਾਨ,ਜੁਝਾਰ ਸਿੰਘ ਲੌਂਗੀਆ,ਪ੍ਰੇਮ ਪ੍ਰਕਾਸ਼,ਪਰਦੀਪ ਕੁਮਾਰ,ਬੰਟੀ,ਹਰਸ਼ ਸਰਨਾ,ਵਰਿੰਦਰ ਕੁਮਾਰ ਸਮੇਤ ਹੋਰ ਮੈਂਬਰ ਸਹਿਬਾਨ ਹਾਜ਼ਰ ਸਨ।

# ਕਾਨਪੁਰ ਦੇ ਥਾਣਿਆਂ ਦੇ ਇੰਚਾਰਜ ਤੋਂ ਲਾਪਰਵਾਹ ਇੰਸਪੈਕਟਰ ਨੂੰ ਹਟਾਇਆ, ਪ੍ਰਦੀਪ ਸਿੰਘ ਨੂੰ ਗੋਵਿੰਦ ਨਗਰ ਭੇਜਿਆ

ਕਾਨਪੁਰ:(ਸੁਨੀਲ ਬਾਜਪਾਈ) ਪੁਲਿਸ ਕਮਿਸ਼ਨਰ ਅਖਿਲ ਕੁਮਾਰ ਨੇ ਲਾਪਰਵਾਹ ਪੁਲਿਸ ਸਟੇਸ਼ਨ ਅਧਿਕਾਰੀਆਂ ਨੂੰ ਲਾਈਨ ਦਾ ਰਸਤਾ ਦਿਖਾਉਣ ਦੇ ਨਾਲ-ਨਾਲ ਅਪਰਾਧੀਆਂ ਦੇ ਖਿਲਾਫ ਲਗਾਤਾਰ ਸਫਲ ਮੋਰਚਾ ਖੋਲ੍ਹਿਆ ਹੈ, ਉਨ੍ਹਾਂ ਨੇ ਕਈ ਪੁਲਿਸ ਸਟੇਸ਼ਨਾਂ ਦੇ ਅਧਿਕਾਰੀਆਂ ਦੇ ਤਬਾਦਲੇ ਵੀ ਕੀਤੇ ਹਨ, ਜਿਸ ਤਹਿਤ ਬਾਬੂਪੁਰਵਾ, ਸ਼ਿਵਰਾਜਪੁਰ ਅਤੇ ਘਾਟਮਪੁਰ ਤੋਂ ਬਾਅਦ ਹੁਣ ਗੋਵਿੰਦ ਨਗਰ ਦੀ ਕਮਾਨ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ ਨੂੰ ਸੌਂਪੀ ਗਈ ਹੈ।



ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ ਗੋਵਿੰਦ ਨਗਰ ਤੋਂ ਪਹਿਲਾਂ ਬਾਬੂਪੁਰਵਾ, ਸ਼ਿਵਰਾਜਪੁਰ ਅਤੇ ਘਾਟਮਪੁਰ ਵਿਖੇ ਵੀ ਪੀੜਤਾਂ ਦੀ ਹਰ ਸੰਭਵ ਮਦਦ ਕਰਨ ਦੇ ਨਾਲ-ਨਾਲ ਅਮਨ-ਕਾਨੂੰਨ ਦੇ ਪੱਖ ਤੋਂ ਅਪਰਾਧੀਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਚ ਸਫਲ ਰਹੇ ਹਨ ਅਤੇ ਹੁਣ ਉਨ੍ਹਾਂ ਦੀ ਡਿਊਟੀ ਪ੍ਰਤੀ ਅਥਾਹ ਲਗਨ ਹੋਰ ਵੀ ਪੱਕੀ ਹੋ ਗਈ ਹੈ । ਉਹ ਪੀੜਤਾਂ ਦੇ ਹਿੱਤਾਂ ਲਈ ਗੋਵਿੰਦ ਨਗਰ ਵਿੱਚ ਵੀ ਸਰਗਰਮ ਹੈ।

ਦਰਅਸਲ, ਪੁਲਿਸ ਕਮਿਸ਼ਨਰ ਅਖਿਲ ਕੁਮਾਰ ਦਾ ਇਰਾਦਾ ਸਿਰਫ਼ ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਹੀ ਚਾਰਜ ਦੇ ਮਾਮਲੇ ਚ ਅਹਿਮੀਅਤ ਦੇਣਾ ਹੈ, ਜੋ ਅਮਨ-ਕਾਨੂੰਨ ਦੇ ਪੱਖ ਚ ਬਿਨਾਂ ਕਿਸੇ ਲਾਪ੍ਰਵਾਹੀ ਦੇ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਂਦੇ ਹਨ, ਜਿਨ੍ਹਾਂ ਚ ਇੰਸਪੈਕਟਰ ਪ੍ਰਦੀਪ ਸਿੰਘ ਦਾ ਨਾਂਅ ਵੀ ਸ਼ਾਮਲ ਹੈ ਸ਼ਾਮਲ ਹਨ। ਜਿੱਥੋਂ ਤੱਕ ਫੁਰਤੀਲੇ, ਸੂਝਵਾਨ ਅਤੇ ਜੁਝਾਰੂ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ ਦੀ ਇੰਸਪੈਕਟਰ-ਇਨ-ਚਾਰਜ ਗੋਵਿੰਦ ਨਗਰ ਵਜੋਂ ਚੁਣੌਤੀਪੂਰਨ ਨਿਯੁਕਤੀ ਦਾ ਸਬੰਧ ਹੈ, ਉਸ ਨੂੰ ਅਪਰਾਧੀਆਂ ਵਿਰੁੱਧ ਅਮਨ-ਕਾਨੂੰਨ ਦੇ ਹੱਕ ਵਿੱਚ ਅਤੇ ਲੋਕਾਂ ਦੇ ਹਿੱਤ ਵਿੱਚ ਆਪਣੀ ਡਿਊਟੀ ਦਾ ਸਿਹਰਾ ਹਮੇਸ਼ਾ ਹੀ ਦਿੱਤਾ ਜਾਣਾ ਚਾਹੀਦਾ ਹੈ। ਇਹ ਸ਼ਰਧਾ ਅਤੇ ਇਮਾਨਦਾਰੀ ਨਾਲ ਕੀਤਾ ਜਾਣਾ ਚਾਹੀਦਾ ਹੈ. ਇੰਨਾ ਹੀ ਨਹੀਂ, ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ, ਯੂਪੀ ਦੀ ਪੁਲਿਸ ਸੇਵਾ ਵਿੱਚ ਆਉਣ ਤੋਂ ਬਾਅਦ ਇੱਕ ਮਿਹਨਤੀ, ਨਿਰਪੱਖ ਅਤੇ ਪਾਰਦਰਸ਼ੀ ਕਾਰਜਸ਼ੈਲੀ ਦੇ ਕਾਰਜਕਾਲ ਦਾ ਵਿਸ਼ਲੇਸ਼ਣ ਵੀ ਸਾਬਤ ਕਰਦਾ ਹੈ ਕਿ ਹਾਲਾਤ ਭਾਵੇਂ ਜਿੰਨੇ ਮਰਜ਼ੀ ਹੋਣ, ਬੇਕਸੂਰ ਨਹੀਂ ਹਨ। ਲੋਕਾਂ ਦੇ ਹਿੱਤਾਂ ਵਿੱਚ ਫਸੇ ਅਤੇ ਅਪਰਾਧੀਆਂ ਨੂੰ ਨਹੀਂ ਛੱਡਿਆ ਗਿਆ, ਇੰਸਪੈਕਟਰ ਜਨਰਲ ਦੀ ਮਜ਼ਬੂਤ ਵਿਚਾਰਧਾਰਾ ਦੇ ਅਨੁਸਾਰ, ਆਪਣੇ ਪਿੱਛਾ ਵਿੱਚ ਦ੍ਰਿੜ ਇਰਾਦੇ ਵਾਲੇ ਇੰਸਪੈਕਟਰ ਪ੍ਰਦੀਪ ਸਿੰਘ ਨੇ ਅੱਜ ਤੱਕ ਆਪਣੀ ਡਿਊਟੀ ਪ੍ਰਤੀ ਲਗਨ ਨਾਲ ਕਦੇ ਵੀ ਸਮਝੌਤਾ ਨਹੀਂ ਕੀਤਾ।

ਇਸ ਦੇ ਨਾਲ ਹੀ ਉਨ੍ਹਾਂ ਦੀ ਕਾਰਜਸ਼ੈਲੀ ਨੂੰ ਗਰੀਬ ਅਤੇ ਬੇਸਹਾਰਾ ਲੋਕਾਂ ਦਾ ਸ਼ੁਭਚਿੰਤਕ ਵੀ ਮੰਨਿਆ ਜਾਂਦਾ ਹੈ ਅਤੇ ਬਹੁਤ ਹੀ ਦੋਸਤਾਨਾ ਵੀ ਮੰਨਿਆ ਜਾਂਦਾ ਹੈ, ਇਸ ਅਨੁਸਾਰ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ, ਜੋ ਕਿ ਪਰਮਾਤਮਾ ਅਤੇ ਕਿਸਮਤ ਭਾਵ ਕਰਮ ਵਿੱਚ ਵਿਸ਼ਵਾਸ ਰੱਖਦੇ ਹਨ, ਲੋੜਵੰਦ ਲੋਕਾਂ ਦੀ ਮਦਦ ਕਰਦੇ ਹਨ। ਹਰ ਸੰਭਵ ਤਰੀਕੇ ਨਾਲ. ਇਸ ਦੇ ਨਾਲ ਹੀ ਉਹ ਅਮਨ-ਕਾਨੂੰਨ ਦੇ ਪੱਖ ਵਿਚ ਅਪਰਾਧੀਆਂ ਦੇ ਖਿਲਾਫ ਸ਼ਤੇ ਸ਼ਤਯਮ ਸਮਾਚਾਰੇ ਵਾਲੀ ਕਹਾਵਤ ਨੂੰ ਲਾਗੂ ਕਰਨ ਵਿਚ ਅਸਫਲ ਨਹੀਂ ਹੁੰਦਾ। ਇਹੀ ਕਾਰਨ ਹੈ ਕਿ ਗੋਵਿੰਦ ਨਗਰ ਦੇ ਨਵੇਂ ਇੰਚਾਰਜ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ ਆਪਣੀ ਖਾੜਕੂ ਨੌਕਰੀ ਦੇ ਕਾਰਜਕਾਲ ਦੌਰਾਨ ਹੁਣ ਤੱਕ ਵਾਪਰੀਆਂ ਸਾਰੀਆਂ ਗੰਭੀਰ ਘਟਨਾਵਾਂ ਨੂੰ ਸਹੀ-ਸਲਾਮਤ ਦੱਸ ਕੇ ਦਰਜਨਾਂ ਬਦਮਾਸ਼ਾਂ ਨੂੰ ਸਬਕ ਸਿਖਾਉਣ ਵਿੱਚ ਸਫਲ ਰਹੇ ਹਨ।

# ਸ਼ਾਹੀ ਸ਼ਹਿਰ ਵਿੱਚ ਅਗਰਸੈਨ ਸਭਾ ਪਟਿਆਲਾ ਵਲੋਂ ਮਹਾਰਾਜਾ ਅਗਰਸੈਨ ਦੀ 5148ਵੀਂ ਜਯੰਤੀ ਅਤੇ ਸਨਮਾਨ ਸਮਾਰੋਹ ਆਯੋਜਿਤ

ਪਟਿਆਲਾ (ਲੋਕ ਬਾਣੀ) -ਸ਼ਾਹੀ ਸ਼ਹਿਰ ਦੀ ਅਗਰਸੈਨ ਸਭਾ ਵਲੋਂ ਮਹਾਰਾਜਾ ਅਗਰਸੈਨ ਜੀ ਦੀ 5148ਵੀਂ ਜਯੰਤੀ ਅਤੇ ਸਨਮਾਨ ਸਮਾਰੋਹ ਅਗਰਸੈਨ ਚੌਂਕ,ਸਾਈਂ ਮਾਰਕੀਟ ਵਿਖੇ ਬਹੁਤ ਹੀ ਧੂਮਧਾਮ ਨਾਲ ਆਯੋਜਿਤ ਕੀਤਾ ਗਿਆ।

ਸੱਭ ਤੋਂ ਪਹਿਲਾਂ ਮਹਾਰਾਜਾ ਅਗਰਸੈਨ ਜੀ ਦੀ ਮੂਰਤੀ ਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਗਈਆਂ।



ਅਗਰਸੈਨ ਸਭਾ ਪਟਿਆਲਾ ਵਲੋਂ ਰੱਖੇ ਗਏ ਸਨਮਾਨ ਸਮਾਰੋਹ ਦੌਰਾਨ ਡਾ. ਪਰਮੋਦ ਅਗਰਵਾਲ,ਪ੍ਰਸਿੱਧ ਵਿਗਿਆਨੀ ਪ੍ਰੋ.ਹੇਮ ਗੋਇਲ, ਨਰੇਸ਼ ਗੁਪਤਾ ਨਾਜ਼ ਸਾਬਕਾ ਸਹਾਇਕ ਨਿਰਦੇਸ਼ਕ ਜਾਂਚ ਬਿਊਰੋ ਆਫ਼ ਇੰਡੀਆਂ, ਲੈਕਚਰਾਰ ਡਾ.ਪੂਨਮ ਗੁਪਤਾ, ਕਵਿਤਰੀ ਨਿਰਮਲਾ ਗਰਗ, ਲੇਖਿਕਾ ਕਿਰਨ ਸਿੰਗਲਾ, ਸੰਨੀ ਗੁਪਤਾ ਤੇ ਰਜਨੀ ਸਿੰਗਲਾ ਦੋਵੇਂ ਮੁੱਖ ਅਧਿਆਪਕਾ ਆਦਿ ਨੂੰ ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਗਤੀਵਿਧੀਆਂ ਅਤੇ ਅਗਰਵਾਲਾਂ ਦਾ ਨਾਮ ਰੌਸ਼ਨ ਕਰਨ ਲਈ ਪਟਿਆਲਾ ਅਗਰਵਾਲ ਰਤਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਅਗਰਵਾਲ ਸਭਾ ਦੇ ਮੁੱਖ ਸਰਪ੍ਰਸਤ ਉੱਘੇ ਸਮਾਜਸੇਵੀ ਭਗਵਾਨ ਦਾਸ ਗੁਪਤਾ ਸਾਬਕਾ ਪ੍ਰਧਾਨ ਰੋਟਰੀ ਕਲੱਬ ਪਟਿਆਲਾ ਮਿਡ ਟਾਊਨ ਅਤੇ ਪੈਟਰਨ ਇੰਡੀਅਨ ਰੈਡ ਕਰਾਸ ਸੁਸਾਇਟੀ ਪਟਿਆਲਾ ਨੇ ਵਿਸ਼ੇਸ਼ ਮਹਿਮਾਨਾਂ, ਸਨਮਾਨਤ ਸ਼ਖ਼ਸੀਅਤਾਂ ਅਤੇ ਸਮੂੰਹ ਮੈਂਬਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਅਗਰਸੈਨ ਸਭਾ ਵਲੋਂ ਸ਼ਾਹੀ ਸ਼ਹਿਰ ਦੀਆਂ ਸਾਰੀਆਂ ਅਗਰਵਾਲ ਜਥੇਬੰਦੀਆਂ ਤੇ ਸਭਾਵਾਂ ਨੂੰ ਇੱਕਜੁਟ ਕਰਨ ਦੀ ਪਹਿਲ ਕੀਤੀ ਜਾ ਰਹੀ ਹੈ।

ਡਾ.ਪਰਦੀਪ ਕੁਮਾਰ ਅਗਰਵਾਲ ਚੇਅਰਮੈਨ ਮਹਾਰਾਜਾ ਅਗਰਸੈਨ ਚੇਅਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਦੱਸਿਆ ਕਿ ਜੇਕਰ ਸਾਰੇ ਇੱਕਜੁੱਟ ਹੋ ਜਾਣ ਤਾਂ ਭਾਰਤ ਸਰਕਾਰ ਵਲੋਂ ਚੇਅਰ ਨੂੰ ਕਈ ਸਾਲ ਪਹਿਲਾਂ ਮਿਲੀ ਛੇ ਕਰੋੜ ਰੁਪਏ ਦੀ ਗ੍ਰਾਂਟ ਦੀ ਸਹੀ ਵਰਤੋਂ ਦਾ ਵੀ ਕੋਈ ਵਧੀਆ ਹੱਲ ਕੱਢਿਆ ਜਾ ਸਕਦਾ ਹੈ। ਆਰ.ਐਸ.ਅਗਰਵਾਲ ਪ੍ਰਧਾਨ ਨਿਊ ਅਗਰਵਾਲ ਸਭਾ,ਸਾਬਕਾ ਕੌਂਸਲਰ ਰਿਚੀ ਡਕਾਲਾ ਪ੍ਰਧਾਨ ਆੜਤੀ ਐਸੋਸੀਏਸ਼ਨ ਨਵੀਂ ਅਨਾਜ ਮੰਡੀ ਅਤੇ ਵਿਨੋਦ ਕੁਮਾਰ ਗੋਇਲ ਇੰਚਾਰਜ ਲੰਗਰ ਕਮੇਟੀ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

ਪ੍ਰਧਾਨ ਜਨਕ ਰਾਜ ਗੁਪਤਾ ਨੇ ਧੰਨਵਾਦੀ ਸ਼ਬਦ ਕਹੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ੀਸ਼ ਪਾਲ ਮਿੱਤਲ ਪ੍ਰਧਾਨ ਰੋਟਰੀ ਕਲੱਬ ਪਟਿਆਲਾ ਮਿਡ ਟਾਊਨ,ਵਿਜੈ ਗੋਇਲ ਪਟਿਆਲਾ ਵੈਲਫੇਅਰ ਸੁਸਾਇਟੀ,ਡਾ.ਪਰਸੋਤਮ ਗੋਇਲ ਪ੍ਰਧਾਨ ਚੇਤਨਾ ਮੰਚ, ਲਕਸ਼ਮੀ ਗੁਪਤਾ, ਕੌਂਸਲ ਰਾਓ ਸਿੰਗਲਾ, ਜੇ.ਕੇ.ਜਿੰਦਲ, ਹਰਬੰਸ ਬਾਂਸਲ, ਦੇਵੀ ਦਿਆਲ ਗੋਇਲ, ਅਸ਼ੋਕ ਗੁਪਤਾ, ਹਰਬੰਸ ਬਰੇਟਾ, ਗੁਲਾਬ ਰਾਏ ਗਰਗ, ਰਾਮਾ ਡਕਾਲਾ, ਫੂਲ ਚੰਦ ਮਿੱਤਲ, ਰਵਿੰਦਰ ਮਿੱਤਲ,ਅਸ਼ਵਨੀ ਸਿੰਗਲਾ ਅਤੇ ਰਾਕੇਸ਼ ਕੁਮਾਰ ਸਿੰਗਲਾ ਹਾਜ਼ਰ ਸਨ।

# ਜ਼ਿਲ੍ਹਾ ਪੱਧਰੀ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ ਢਾਹਾਂ ਕਲੇਰਾਂ ਵਿਖੇ ਹੋ ਰਹੇ ਵਿਸ਼ੇਸ਼ ਗੁਰਮਤਿ ਸਮਾਗਮ ਦਾ ਬੈਨਰ ਰਲੀਜ਼

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਸ੍ਰੀ ਗੁਰੂ ਨਾਨਕ ਦੇਵ ਜੀ ਦੇ 555 ਸਾਲਾ ਪ੍ਰਕਾਸ਼ ਪੁਰਬ ਮੌਕੇ ਨਵਾਂਸ਼ਹਿਰ ਵਿਖੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂਸ਼ਹਿਰ ਵਲੋਂ ਕਰਵਾਏ ਜਾ ਰਹੇ ਜ਼ਿਲ੍ਹਾ ਪੱਧਰੀ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ 8 ਅਕਤੂਬਰ ਦਿਨ ਮੰਗਲਵਾਰ ਨੂੰ ਹੋਣ ਵਾਲੇ ਵਿਸ਼ੇਸ਼ ਗੁਰਮਤਿ ਸਮਾਗਮ ਦਾ ਬੈਨਰ ਜਾਰੀ ਕੀਤਾ ਗਿਆ ਅਤੇ ਤਿਆਰੀ ਸਬੰਧੀ ਵਿਸ਼ੇਸ਼ ਇਕੱਤਰਤਾ ਕੀਤੀ ਗਈ । ਇਸ ਮੌਕੇ ਸ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ 08 ਅਕਤੂਬਰ ਦਿਨ ਮੰਗਲਵਾਰ ਸ਼ਾਮ 6 ਤੋਂ ਰਾਤ 9 ਵਜੇ ਤੱਕ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਹੋਵੇਗਾ । ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਮ੍ਰਿੰਤਸਰ ਅਤੇ ਪੰਥ ਪ੍ਰਸਿੱਧ ਕਥਾਵਾਚਕ ਡਾ. ਸਰਬਜੀਤ ਸਿੰਘ ਰੇਣਕਾ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ । ਸ. ਢਾਹਾਂ ਨੇ ਦੱਸਿਆ ਕਿ ਇਹ ਵਿਸ਼ੇਸ਼ ਗੁਰਮਤਿ ਸਮਾਗਮ ਸਮੂਹ ਸੰਗਤਾਂ ਅਤੇ ਇਲਾਕੇ ਦੀਆਂ ਸਮੂਹ ਧਾਰਮਿਕ ਜੱਥੇਬੰਦੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ । ਉਹਨਾਂ ਨੇ ਕਿਹਾ ਕਿ ਗੁਰਮਤਿ ਸਮਾਗਮ ਸਮਾਜ ਨੂੰ ਜੀਵਨ ਜਾਚ ਦਾ ਸੁਨੇਹਾ ਪ੍ਰਦਾਨ ਕਰਨ ਲਈ ਹਿੱਤਕਾਰੀ ਭੂਮਿਕਾ ਨਿਭਾਉਂਦੇ ਹਨ। ਸਮਾਗਮ ਦਾ ਬੈਨਰ ਜਾਰੀ ਕਰਨ ਅਤੇ ਤਿਆਰੀ ਸਬੰਧੀ ਮੀਟਿੰਗ ਵਿੱਚ ਸ. ਅਮਰਜੀਤ ਸਿੰਘ ਕਲੇਰਾਂ ਸਕੱਤਰ ਟਰੱਸਟ, ਭਾਈ ਜੋਗਾ ਸਿੰਘ ਹਜ਼ੂਰੀ ਰਾਗੀ, ਸ. ਮਹਿੰਦਰਪਾਲ ਸਿੰਘ ਦਫ਼ਤਰ ਸੁਪਰਡੈਂਟ, ਸ.ਪ੍ਰੇਮ ਪ੍ਰਕਾਸ਼ ਸਿੰਘ ਸੀਨੀਅਰ ਅਕਾਊਟੈਂਟ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ ।




# ਸੁਪਰੀਮ ਕੋਰਟ ਨੇ 'ਖਾਲਸਾ ਯੂਨੀਵਰਸਿਟੀ' ਨੂੰ ਕੀਤਾ ਬਹਾਲ

ਅੰਮ੍ਰਿਤਸਰ, (ਲੋਕ ਬਾਣੀ)—ਭਾਰਤ ਦੀ ਸਰਵਉੱਚ ਅਦਾਲਤ ਮਾਣਯੋਗ ਸੁਪਰੀਮ ਕੋਰਟ ਨੇ ਅੱਜ ਖ਼ਾਲਸਾ ਯੂਨੀਵਰਸਿਟੀ ਨੂੰ ਬਹਾਲ ਕਰਦਿਆਂ ਖ਼ਾਲਸਾ ਯੂਨੀਵਰਸਿਟੀ ਐਕਟ-2016 ਨੂੰ ਲਾਗੂ ਕਰਕੇ ਖ਼ਾਲਸਾ ਯੂਨੀਵਰਸਿਟੀ (ਰੀਪੀਲ) ਐਕਟ-2017 ਨੂੰ 'ਗੈਰ-ਸੰਵਿਧਾਨਕ' ਘੋਸ਼ਿਤ ਕੀਤਾ ਹੈ। ਜਸਟਿਸ ਬੀ. ਆਰ. ਗਵਈ ਅਤੇ ਜਸਟਿਸ ਕੇ. ਵੀ. ਵਿਸ਼ਵਨਾਥਨ ਦੀ ਦੋ ਬੈਂਚਾਂ ਵਾਲੀ ਅਦਾਲਤ ਵੱਲੋਂ 65 ਪੰਨਿਆਂ ਦੇ ਫ਼ੈਸਲੇ 'ਚ 'ਵਰਸਿਟੀ ਨੂੰ ਸੁਰਜੀਤ ਕਰਦਿਆਂ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਯੂਨੀਵਰਸਿਟੀ ਦੀ ਬਹਾਲੀ ਦੇ ਲਏ ਪੱਖ ਨੂੰ ਸਹੀ ਕਰਾਰ ਦਿੱਤਾ।

ਕੌਂਸਲ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਦੇ 1 ਨਵੰਬਰ 2017 ਦੇ ਫ਼ੈਸਲੇ ਨੂੰ ਸੁਪਰੀਮ ਕੋਰਟ 'ਚ ਚੁਣੌਤੀ ਦਿੱਤੀ ਸੀ, ਜਿਸ 'ਚ ਮੈਨੇਜ਼ਮੈਂਟ ਨੂੰ ਯੂਨੀਵਰਸਿਟੀ ਦੀ ਬਹਾਲੀ ਲਈ ਰਾਹਤ ਮਿਲੀ ਹੈ। ਮਾਣਯੋਗ ਅਦਾਲਤ ਨੇ ਹਾਈਕੋਰਟ ਦੇ ਹੁਕਮਾਂ ਨੂੰ ਰੱਦ ਕਰਦਿਆਂ ਰੀਪੀਲ ਐਕਟ ਤੋਂ ਪਹਿਲਾਂ ਬਣਾਏ ਗਏ ਵਿਧਾਨ ਸਭਾ ਦੇ 2015 ਦੇ ਐਕਟ ਨੂੰ ਸਹੀ ਠਹਿਰਾਇਆ। ਜ਼ਿਕਰਯੋਗ ਹੈ ਕਿ ਖਾਲਸਾ ਯੂਨੀਵਰਸਿਟੀ ਦੀ ਸਥਾਪਨਾ ਉਸ ਸਮੇਂ ਦੀ ਅਕਾਲੀ-ਭਾਜਪਾ ਸਰਕਾਰ ਨੇ 2016 'ਚ ਕੀਤੀ ਸੀ ਪਰ ਜਦੋਂ ਅਗਲੇ ਸਾਲ-2017 'ਚ ਸਰਕਾਰ ਬਦਲੀ ਤਾਂ ਕੈਪਟਨ ਅਮਰਿੰਦਰ ਸਿੰਘ ਨੇ ਸਹੁੰ ਚੁੱਕਦਿਆਂ ਹੀ ਆਰਡੀਨੈਂਸ ਜਾਰੀ ਕਰਦਿਆਂ ਖ਼ਾਲਸਾ ਯੂਨੀਵਰਸਿਟੀ ਨੂੰ ਖਤਮ ਕਰ ਦਿੱਤਾ।

ਮਾਣਯੋਗ ਸਰਵਉੱਚ ਅਦਾਲਤ ਨੇ ਆਪਣੀ ਪਿਛਲੀ 10 ਸਤੰਬਰ 2024 ਨੂੰ ਸੁਣਵਾਈ ਦੌਰਾਨ ਵੇਖਿਆ ਕਿ 'ਜੇਕਰ ਇਕ ਸਿਆਸੀ ਪਾਰਟੀ ਸੱਤਾ 'ਚ ਆਉਂਦੀ ਹੈ ਅਤੇ ਯੂਨੀਵਰਸਿਟੀ ਲਈ ਕਾਨੂੰਨ ਲਿਆਉਂਦੀ ਹੈ ਤੇ ਕੋਈ ਹੋਰ ਸਿਆਸੀ ਪਾਰਟੀ ਸੱਤਾ 'ਚ ਆਉਣ 'ਤੇ ਉਸ ਨੂੰ ਰੱਦ ਕਰ ਦਿੰਦੀ ਹੈ ਤਾਂ ਕੀ ਇਹ ਸਮਾਜ 'ਚ ਬੇਯਕੀਨੀ ਦਾ ਮਾਹੌਲ ਨਹੀਂ ਸਿਰਜੇਗੀ।

ਖ਼ਾਲਸਾ ਯੂਨੀਵਰਸਿਟੀ ਮੈਨੇਜਮੈਂਟ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲਾਂ ਨੇ ਪੱਖ ਪੇਸ਼ ਕਰਦਿਆਂ ਕਿਹਾ ਕਿ 'ਰੀਪੀਲਸ ਐਕਟ' ਇਕ ਤਰ੍ਹਾਂ ਦਾ 'ਮਨਮਾਨੀ' ਵਾਲਾ ਸਰਕਾਰ ਦਾ ਫ਼ੈਸਲਾ ਸੀ ਅਤੇ ਇਸ 'ਚ ਸੰਵਿਧਾਨ ਦੀ ਧਾਰਾ 14 ਦੀ ਘੋਰ ਉਲੰਘਣਾ ਹੋਈ ਹੈ, ਕਿਉਂਕਿ ਕਾਨੂੰਨ ਸਾਹਮਣੇ ਸਭ ਬਰਾਬਰ ਹਨ। ਉਨ੍ਹਾਂ ਇਹ ਵੀ ਕਿਹਾ ਕਿ ਖ਼ਾਲਸਾ ਯੂਨੀਵਰਸਿਟੀ ਕਿਸੇ ਵੀ ਤਰ੍ਹਾਂ ਨਾਲ 1892 ਦੀ ਬਣੀ ਖ਼ਾਲਸਾ ਕਾਲਜ ਦੀ ਵਿਰਾਸਤੀ ਇਮਾਰਤ ਨੂੰ ਪ੍ਰਭਾਵਿਤ ਨਹੀਂ ਕਰੇਗੀ, ਕਿਉਂਕਿ ਯੂਨੀਵਰਸਿਟੀ ਦੀ ਹੋਂਦ ਖਾਲਸਾ ਕਾਲਜ ਤੋਂ ਅਲੱਗ ਹੈ।

ਜ਼ਿਕਰਯੋਗ ਹੈ ਕਿ ਗਵਰਨਿੰਗ ਕੌਂਸਲ ਨੇ ਸਾਲ-2016 'ਚ ਸੂਬਾ ਸਰਕਾਰ ਨੂੰ ਆਪਣੀ ਯੂਨੀਵਰਸਿਟੀ ਸਥਾਪਿਤ ਕਰਨ ਲਈ ਇਕ ਪ੍ਰਸਤਾਵ ਪੇਸ਼ ਕੀਤਾ ਸੀ ਅਤੇ ਲੋੜੀਂਦੀਆਂ ਕਾਰਵਾਈਆਂ ਪੂਰੀਆਂ ਕਰਨ ਉਪਰੰਤ ਪੰਜਾਬ ਵਿਧਾਨ ਸਭਾ ਨੇ 'ਖਾਲਸਾ ਯੂਨੀਵਰਸਿਟੀ ਐਕਟ-2016' (ਪੰਜਾਬ ਐਕਟ ਨੰ: 44) 07-11-2016 ਨੂੰ ਪਾਸ ਕੀਤਾ। ਉਕਤ ਐਕਟ ਨੂੰ 17-11-2016 ਨੂੰ ਪੰਜਾਬ ਦੇ ਤਤਕਾਲੀ ਮਾਣਯੋਗ ਰਾਜਪਾਲ ਦੀ ਪ੍ਰਵਾਨਗੀ ਪ੍ਰਾਪਤ ਹੋਈ।



ਇਹ ਐਕਟ ਪੰਜਾਬ ਸਰਕਾਰ ਦੇ ਗਜ਼ਟ 'ਚ ਪ੍ਰਕਾਸ਼ਿਤ ਹੋ ਗਿਆ ਅਤੇ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂਜੀਸੀ), ਨਵੀਂ ਦਿੱਲੀ ਨੇ ਵੀ ਆਪਣੀ ਵੈਬਸਾਈਡ 'ਤੇ ਯੂਨੀਵਰਸਿਟੀ ਨੂੰ ਲਿਸਟ ਕਰ ਦਿੱਤਾ। ਇਸ ਤੋਂ ਬਾਅਦ ਮੈਨੇਜ਼ਮੈਂਟ ਵੱਲੋਂ ਯੂਨੀਵਰਸਿਟੀ ਦੀ ਕਾਰਵਾਈ ਸ਼ੁਰੂ ਕਰਦਿਆਂ ਵੱਖ-ਵੱਖ ਗ੍ਰੈਜੂਏਟ, ਪੋਸਟ ਗ੍ਰੈਜੂਏਟ ਅਤੇ ਇੱਥੋਂ ਤੱਕ ਕਿ ਡਾਕਟਰੇਟ ਡਿਗਰੀਆਂ ਲਈ ਦਾਖਲੇ ਸ਼ੁਰੂ ਕਰ ਦਿੱਤੇ। ਪਰ ਫਿਰ ਕੈਪਟਨ ਅਮਰਿੰਦਰ ਦੀ ਨਵੀਂ ਸਰਕਾਰ ਨੇ ਯੂਨੀਵਰਸਿਟੀ ਐਕਟ ਨੂੰ ਰੱਦ ਕਰਨ ਲਈ ਆਰਡੀਨੈਂਸ ਜਾਰੀ ਕੀਤਾ ਦਿੱਤਾ ਅਤੇ ਉਪਰੰਤ ਪੰਜਾਬ ਵਿਧਾਨ ਸਭਾ ਦੁਆਰਾ ਖਾਲਸਾ ਯੂਨੀਵਰਸਿਟੀ (ਰਿਪੀਲ) ਐਕਟ 2017 ਪਾਸ ਕਰ ਦਿੱਤਾ।

ਇਸ ਸਬੰਧੀ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਜਾਰੀ ਬਿਆਨ 'ਚ ਕਿਹਾ ਕਿ ਉਸ ਸਮੇਂ ਦੀ ਪੰਜਾਬ ਸਰਕਾਰ ਦੇ ਮਨਮਾਨੇ ਫ਼ੈਸਲੇ ਨੂੰ ਮੈਨੇਜ਼ਮੈਂਟ ਵੱਲੋਂ ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ 'ਚ ਚੁਣੌਤੀ ਦਿੱਤੀ ਗਈ ਪਰ ਇਸ ਪਟੀਸ਼ਨ ਨੂੰ ਖਾਰਿਜ ਕਰ ਦਿੱਤਾ ਗਿਆ ਅਤੇ ਇਸ ਤਰ੍ਹਾਂ ਖਾਲਸਾ ਯੂਨੀਵਰਸਿਟੀ ਦੀ ਮੈਨੇਜ਼ਮੈਂਟ ਨੇ ਸਰਕਾਰ ਦੇ ਫ਼ੈਸਲਿਆਂ ਨੂੰ ਦੇਸ਼ ਦੀ ਸਰਵਉੱਚ ਅਦਾਲਤ 'ਚ ਚੈਲੇਂਜ਼ ਕੀਤਾ ਅਤੇ ਹੁਣ 7 ਸਾਲ ਤੋਂ ਵੱਧ ਦੀ ਲੰਬੀ ਲੜਾਈ ਤੋਂ ਬਾਅਦ ਮੈਨੇਜ਼ਮੈਂਟ ਨੂੰ ਵੱਡੀ ਰਾਹਤ ਮਿਲੀ ਹੈ।

ਸ: ਛੀਨਾ ਨੇ ਕਿਹਾ ਕਿ ਤਤਕਾਲੀ ਰਾਜ ਸਰਕਾਰ ਦੇ ਫੈਸਲੇ ਕਾਰਨ ਸੁਸਾਇਟੀ ਅਤੇ ਸਮਾਜ ਨੂੰ ਬਹੁਤ ਵੱਡਾ ਨੁਕਸਾਨ ਹੋਇਆ ਹੈ, ਕਿਉਂਕਿ ਯੂਨੀਵਰਸਿਟੀ 'ਚ ਕਈ ਕੋਰਸ ਸ਼ੁਰੂ ਕੀਤੇ ਗਏ ਸਨ ਅਤੇ ਵਿਦਿਆਰਥੀ ਦਾਖਲ ਵੀ ਹੋਏ ਸਨ। ਸੁਸਾਇਟੀ ਲੰਬੇ ਸਮੇਂ ਤੋਂ ਜਾਇਜ਼ ਹੱਕ ਲਈ ਕਾਨੂੰਨੀ ਲੜਾਈ ਲੜ ਰਹੀ ਸੀ ਅਤੇ ਅੱਜ ਇਨਸਾਫ਼ ਦੀ ਪ੍ਰਾਪਤੀ ਹੋਈ ਹੈ।

ਅੱਜ ਮਾਣਯੋਗ ਸੁਪਰੀਮ ਕੋਰਟ ਵੱਲੋਂ ਸੁਣਾਏ ਗਏ ਫ਼ੈਸਲੇ ਉਪਰੰਤ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਜੁਆਇੰਟ ਸਕੱਤਰ ਸ: ਗੁਨਬੀਰ ਸਿੰਘ, ਸ: ਅਜ਼ਮੇਰ ਸਿੰਘ ਹੇਰ, ਖਾਲਸਾ ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ, ਖ਼ਾਲਸਾ ਕਾਲਜ ਆਫ਼ ਫ਼ਿਜੀਕਲ ਐਜੂਕੇਸ਼ਨ ਪ੍ਰਿੰਸੀਪਲ ਡਾ. ਕੰਵਲਜੀਤ ਸਿੰਘ ਨਾਲ ਮਿਲ ਕੇ ਕੈਂਪਸ ਸਥਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਜਪੁਜੀ ਸਾਹਿਬ ਜੀ ਦੇ ਪਾਠ ਉਪਰੰਤ ਅਰਦਾਸ ਕਰਕੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਖਾਲਸਾ ਕਾਲਜ ਮੈਨੇਜ਼ਮੈਂਟ ਵੱਲੋਂ 2025-26 ਅਕਾਦਮਿਕ ਸੈਸ਼ਨ ਲਈ ਕਲਾਸਾਂ ਸ਼ੁਰੂ ਕਰਨ ਦਾ ਐਲਾਨ ਵੀ ਕਰ ਦਿੱਤਾ ਗਿਆ ਹੈ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਨਗਰ ਘੜੂੰਆਂ ਦੀ ਦੱਗੋ ਪਤੀ ਵਾਲੀ ਧਰਮਸ਼ਾਲਾ ਨੂੰ ਸਰਕਾਰ ਨਵੇਂ ਢੰਗ ਨਾਲ ਤਿਆਰ ਕਰਵਾਏ:ਭੁਪਿੰਦਰ ਸਿੰਘ



ਖਰੜ ( ਕਾਲਾ ਸਿੰਘ ਸੈਣੀ ) -ਖਰੜ ਦੇ ਨਜਦਿਕੀ ਅਤੇ ਇਤਿਹਾਸਕ ਨਗਰ ਘੜੂੰਆਂ 'ਚ ਪੈਂਦੀ ਦੱਗੋ ਪੱਤੀ ਵਾਲੀ ਧਰਮਸ਼ਾਲਾ ਨੂੰ ਸਰਕਾਰ ਨਵੇਂ ਢੰਗ ਨਾਲ ਤਿਆਰ ਕਰਵਾਏ ਤਾਂ ਜੋ ਇਹ ਧਰਮਸ਼ਾਲਾ ਲੋਕਾਂ ਦੇ ਕੰਮ ਆ ਸਕੇ ਇਨਾਂ ਵਿਚਾਰ ਸਾਂਝੇ ਕਰਦਿਆਂ ਘੜੂੰਆਂ ਦੇ ਸਾਬਕਾ ਪੰਚ ਭੁਪਿੰਦਰ ਸਿੰਘ ਨੇ ਅੱਗੇ ਕਿਹਾ ਕਿ ਪਿੱਛਲੀਆਂ ਸਰਕਾਰਾਂ ਵਲੋਂ ਧਰਮਸ਼ਾਲਾ ਲਈ ਗ੍ਰਾਂਟ ਦਿੱਤੀ ਜਾਂਦੀ ਹੈ। ਉਨਾਂ ਦੱਸਿਆ ਦੱਗੋ ਪੱਤੀ ਵਾਲੀ ਧਰਮਸ਼ਾਲਾ ਵਿੱਚ ਗੁਰਦੁਆਰਾ ਸਾਹਿਬ ਵੀ ਸ਼ਸ਼ੋਭਿਤ ਹੈ ਜਿੱਥੇ ਰੋਜ਼ਾਨਾ ਸੰਗਤਾਂ ਨਤਮਸਤਕ ਹੁੰਦੀਆਂ ਹਨ। ਊਨਾਂ ਸਰਕਾਰ ਤੋਂ ਪੂਰਜੋਰ ਮੰਗ ਕੀਤੀ ਕਿ ਇਸ ਧਰਮਾਸ਼ਾਲਾ ਨੂੰ ਨਵੇਂ ਢੰਗ ਨਾਲ ਬਣਾਇਆ ਜਾਵੇ। ਤਾਂ ਜੋ ਇਹ ਧਰਮਸ਼ਾਲਾ ਲੋਕਾਂ ਦੇ ਕੰਮ ਆ ਸਕੇ।

## ਜਨਮ ਦਿਨ ਦੀਆਂ ਵਧਾਈਆਂ



ਸਾਗਰ ਭਾਂਬਰੀ ਪਿਤਾ ਵਰਿੰਦਰ ਪ੍ਰਕਾਸ਼ ਭਾਂਬਰੀ ਲੁਧਿਆਣਾ ਜਨਮ ਦਿਨ ਦੀਆਂ ਵਧਾਈਆਂ

# ਅਮਰੀਕਨ ਯੂਨੀਵਰਸਿਟੀਆਂ ਦੇ ਉੱਚ ਅਧਿਕਾਰੀਆਂ ਨੇ ਗੁਰਦਾਸਪੁਰ ਵਿਖੇ ਕੀਤਾ ਤਾਲਮੇਲ ਸੈਂਟਰ ਦਾ ਉਦਘਾਟਨ

ਗੁਰਦਾਸਪੁਰ -ਨਵਨੀਤ ਕੁਮਾਰ - ਅਮਰੀਕਾ ਦੀਆਂ 4 ਸਰਕਾਰੀ ਯੂਨੀਵਰਸਿਟੀਆਂ ਕਿਰਸਟੇਨ ਬ੍ਰਦਰਜ਼ ਯੂਨੀਵਰਸਿਟੀ, ਯੂਨੀਵਰਸਿਟੀ ਆਫ ਵੈਸਟ ਅਲਬਾਮਾ, ਟਰੋ ਯੂਨੀਵਰਸਿਟੀ, ਅਰਕਾਨਸਾਸ ਸਟੇਟ ਯੂਨੀਵਰਸਿਟੀ ਦੇ ਪ੍ਰਤੀਨਿਧ ਡਾਕਟਰ ਕੈਰੀ ਪਾਲਮਿਰ ਸੀਨੀਅਰ ਵਾਇਸ ਚਾਂਸਲਰ ਅਕੈਡਮਿਕ ਅਫੇਅਰ, ਡਾਕਟਰ ਗੋਬਿੰਦ ਮੈਨਿਨ ਡੀਨ ਕਾਲਜ ਆਫ ਆਰਟਸ ਐਂਡ ਸਾਇੰਸ ਡਾਕਟਰ ਰੈਨੀ ਰੋਜ਼ਰ ਐਸੋਸੀਏਟ ਡੀਨ ਕਾਲਜ ਆਫ ਐਜੂਕੇਸ਼ਨ ਯੂਨੀਵਰਸਿਟੀ ਆਫ ਵੈਸਟ ਅਲਬਾਮਾ, ਮਿਸਿਜ਼ ਅਕਲੀ ਫੁਲਮਰ ਡਾਇਰੈਕਟਰ ਇੰਟਰਨੈਸ਼ਨਲ ਰਿਲੇਸ਼ਨ ਯੂਨੀਵਰਸਿਟੀ ਆਫ ਵੈਸਟ ਅਲਾਬਾਮਾ ਨੇ ਜੰਮੂ, ਹਿਮਾਚਲ ਪ੍ਰਦੇਸ਼ ਅਤੇ ਮਾਝਾ ਖੇਤਰ ਦੇ ਵਿਦੇਸ਼ਾਂ ਵਿੱਚ ਉੱਚ ਪਾਏ ਦੀ ਪੜ੍ਹਾਈ ਕਰਨ ਦੇ ਚਾਹਵਾਨ ਵਿਦਿਆਰਥੀਆਂ ਲਈ ਇੱਕ ਮੁਫਲੇ ਕੇਂਦਰ ਦਾ ਗੁਰਦਾਸਪੁਰ ਵਿਖੇ ਉਦਘਾਟਨ ਕੀਤਾ। ਉਹਨਾਂ ਪੰਜਾਬੀਆਂ ਦੀ ਪ੍ਰਾਹੁਣਚਾਰੀ ਦੀ ਤਾਰੀਫ਼ ਕੀਤੀ ਅਤੇ ਸਹੀ ਢੰਗ ਨਾਲ ਅਮਰੀਕਾ ਆਉਣ ਦਾ ਸੱਦਾ ਦਿੱਤਾ।ਇਹਨਾਂ ਯੂਨੀਵਰਸਿਟੀ ਦੇ ਭਾਰਤੀ ਪ੍ਰਤੀਨਿਧ ਮਿਸਟਰ ਰਾਜਨ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਨਵੀਂ ਸਿੱਖਿਆ ਨੀਤੀ ਤਹਿਤ ਵਿਦੇਸ਼ੀ ਯੂਨੀਵਰਸਿਟੀਆਂ ਭਾਰਤੀ ਵਿਦਿਆਰਥੀਆਂ ਨੂੰ ਵਧੀਆ ਸਿੱਖਿਆ ਦੇਣ ਲਈ ਅਦਾਰੇ ਖੋਲਣ ਦੀ ਆਗਿਆ ਦਿੱਤੀ ਹੈ। ਹੁਣ ਭਾਰਤੀ ਵਿਦਿਆਰਥੀਆਂ ਨੂੰ ਅਮਰੀਕਾ ਯੂਨੀਵਰਸਿਟੀ ਦੀਆਂ ਡਿਗਰੀਆਂ ਹਾਸਲ ਕਰਨ ਲਈ ਰਾਹ ਪੱਧਰਾ ਹੋ ਗਿਆ ਹੈ। ਹੁਣ ਗੁਰਦਾਸਪੁਰ ਵਿਖੇ ਵਿਦਿਆਰਥੀਆਂ ਨੂੰ ਅਮਰੀਕਨ ਯੂਨੀਵਰਸਿਟੀ ਵਿੱਚ ਦਾਖਲ ਹੋਣ ਲਈ ਤਿਆਰੀ ਕਰਵਾਈ ਜਾਵੇਗੀ। ਪੂਰੀ ਤਿਆਰੀ ਨਾਲ ਯੂਨੀਵਰਸਿਟੀ ਵਿੱਚ ਪੜ੍ਹਾਈ ਕਰਨ ਉਪਰੰਤ ਅਮਰੀਕਾ ਵਿਚ ਰੁਜ਼ਗਾਰ ਲੈਣ ਲਈ ਰਾਹ ਪੱਧਰਾ ਹੋ ਸਕਦਾ ਹੈ। ਮਿਸਟਰ ਰਾਜਨ ਗੁਰਦਾ ਸਪੁਰ ਦੇ ਛੋਟੇ ਮੀਰਪੁਰ ਦਾ ਰਹਿਣ ਵਾਲਾ ਹੈ।ਅਮਰੀਕਾ ਵਿਚ ਐਮ ਬੀ ਏ ਕਰਨ ਉਪਰੰਤ ਉਥੇ ਕੰਮ ਕਾਰ ਕਰਨ ਦੀ ਬਜਾਏ ਉਸ ਨੇ ਆਪਣੀ ਧਰਤੀ ਤੇ ਕੰਮ ਕਰਨ ਨੂੰ ਤਰਜੀਹ



ਦਿੱਤੀ। ਮਿਸਟਰ ਰਾਜਨ ਦੇ ਪਿਤਾ ਨੇ ਰੈਡ ਕਰਾਸ ਸੁਸਾਇਟੀ ਵੱਲੋਂ ਖੋਹਲੇ ਨਸ਼ਾ ਛੁਡਾਊ ਕੇਂਦਰ ਵਿਚ ਬਤੌਰ ਕੌਂਸਲਰ ਸੇਵਾ ਕੀਤੀ ਅਤੇ ਹਜ਼ਾਰਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਯੋਗਦਾਨ ਪਾਇਆ ਸੀ। ਉਹਨਾਂ ਦੇ ਪਦਚਿੰਨ੍ਹਾਂ ਤੇ ਚਲਦਿਆਂ ਮਿਸਟਰ ਰਾਜਨ ਸ਼ਹੀਦ ਭਗਤ ਸਿੰਘ ਜੂਡੋ ਟ੍ਰੇਨਿੰਗ ਸੈਂਟਰ ਦੇ ਗ਼ਰੀਬ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਪੱਧਰ ਤੇ ਖੇਡਣ ਲਈ ਆਰਥਿਕ ਸਹਾਇਤਾ ਦੇ ਕੇ ਦੇਸ਼ ਦਾ ਨਾਮ ਉੱਚਾ ਚੁੱਕਣ ਲਈ ਸਹਿਯੋਗ ਦੇ ਰਹੇ ਹਨ।ਗੁਰਦਾਸਪੁਰ ਵਿੱਚ ਇਸ ਤਰ੍ਹਾਂ ਦਾ ਮੁਫਲਾ ਸੈਂਟਰ ਖੁੱਲਣ ਨਾਲ ਗੁਰਦਾਸਪੁਰ ਦੇ ਚਾਹਵਾਨ ਵਿਦਿਆਰਥੀਆਂ ਨੂੰ ਤਾਂ ਲਾਭ ਹੋਵੇਗਾ ਹੀ ਬਲਕਿ ਜੰਮੂ ਕਸ਼ਮੀਰ, ਹਿਮਾਚਲ ਪ੍ਰਦੇਸ਼ ਦੇ ਵਿਦਿਆਰਥੀ ਵੀ ਇਸ ਦਾ ਲਾਭ ਉਠਾਉਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਈਸ ਕੁਮਾਰ ਐਸ ਡੀ ਓ ਬੀ ਐੱਸ ਐਨ ਐਲ, ਡਾਕਟਰ ਅਸ਼ੋਕ ਕੁਮਾਰ, ਡਾਕਟਰ ਸਤਿੰਦਰ ਪਾਲ ਸਿੰਘ, ਰਮੇਸ਼ ਮਹਾਜਨ , ਅਮਰਜੀਤ ਸ਼ਾਸਤਰੀ ਜੂਡੋ ਕੋਚ ਹਾਜ਼ਰ ਸਨ।

# ਸਭਰਸ ਕਾਵਿ ਸੈਮੀਨਾਰ ਵਿੱਚ ਬਹੀ ਕਾਵਯ ਧਾਰਾ





ਚੰਡੀਗੜ੍ਹ: (ਲੋਕ ਬਾਣੀ) ਸੰਵਾਦ ਸਾਹਿਤ ਮੰਚ ਵੱਲੋਂ ਫੇਸ-ਏਕ ਮੋਹਾਲੀ ਵਿਖੇ ਸਭਰਾਸ ਕਵਿਤਾ ਸੈਮੀਨਾਰ ਕਰਵਾਇਆ ਗਿਆ। ਇਸ ਵਿੱਚ ਹਿੰਦੀ, ਪੰਜਾਬੀ ਅਤੇ ਉਰਦੂ ਦੇ ਕਈ ਸੀਨੀਅਰ ਅਤੇ ਨੌਜਵਾਨ ਕਵੀਆਂ ਦੀਆਂ ਕਵਿਤਾਵਾਂ ਸ਼ਾਮਲ ਕੀਤੀਆਂ ਗਈਆਂ। ਸਮਾਜਿਕ ਸਰੋਕਾਰਾਂ, ਰਿਸ਼ਤਿਆਂ, ਭ੍ਰਿਸ਼ਟ ਰਾਜਨੀਤੀ ਅਤੇ ਵਾਤਾਵਰਨ 'ਤੇ ਕਵਿਤਾਵਾਂ ਪੜ੍ਹੀਆਂ ਗਈਆਂ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਪ੍ਰਸਿੱਧ ਗ਼ਜ਼ਲ ਗਾਇਕ ਸੋਮੇਸ਼ ਗੁਪਤਾ ਨੇ ਗਾਂਧੀ ਜੀ ਦਾ ਪਸੰਦੀਦਾ ਭਜਨ ਵੈਸ਼ਨਵ ਜਨ ਤੋ ਤੀਨੇ ਕਹੀਏ ਗਾਇਆ। ਸੰਵਾਦ ਸਾਹਿਤ ਮੰਚ ਦੇ ਪ੍ਰਧਾਨ ਪ੍ਰੇਮ ਵਿੱਜ ਅਤੇ ਡਾ: ਵਿਨੋਦ ਸ਼ਰਮਾ ਨੇ ਉਮਾ ਸ਼ਰਮਾ ਨੂੰ ਸ਼ਾਲ ਦੇ ਕੇ ਸਨਮਾਨਿਤ ਕੀਤਾ । ਇਸ ਦੌਰਾਨ ਉਨ੍ਹਾਂ ਨਵਾਂ ਪ੍ਰਕਾਸ਼ਿਤ ਕਾਵਿ ਸੰਗ੍ਰਹਿ ਕਾਵਿਆ ਤ੍ਰਿਵੇਣੀ ਵੀ ਭੇਂਟ ਕੀਤਾ। ਆਚਾਰਿਆਕੁਲ ਚੰਡੀਗੜ੍ਹ ਦੇ ਪ੍ਰਧਾਨ ਡਾ. ਕੇ ਸ਼ਾਰਦਾ ਨੇ ਕਿਹਾ ਕਿ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਅਤੇ ਲਾਲ ਬਹਾਦੁਰ ਸ਼ਾਸਤਰੀ ਨੇ ਦੇਸ਼ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਇਆ। ਕਵਿੱਤਰੀ ਡਾ: ਉਮਾ ਸ਼ਰਮਾ ਨੇ ਸਾਰਿਆਂ ਦਾ ਸਵਾਗਤ ਕੀਤਾ। ਪ੍ਰੋਗਰਾਮ ਦਾ ਸੰਚਾਲਨ ਡਾ: ਅਨੀਸ਼ ਗਰਗ ਨੇ ਕੀਤਾ।ਕਾਵਿ-ਸੰਗ੍ਰਹਿ ਦੀ ਸ਼ੁਰੂਆਤ ਵਿੱਚ ਕਵੀ ਪ੍ਰੇਮ ਵਿਜ ਨੇ ਨਸ਼ੇ ਤੇ ਕਵਿਤਾ ਪੜ੍ਹਦੇ ਹੋਏ ਕਿਹਾ- ਨਸ਼ਾ ਇੱਕ ਧੀਮਾ ਜ਼ਹਿਰ ਹੈ। ਕਵਿਤਾ ਸੈਮੀਨਾਰ ਵਿੱਚ ਸਿਰੀ ਰਾਮ ਅਰਸ਼, ਡਾ: ਉਮਾ ਸ਼ਰਮਾ, ਡਾ: ਅਜੀਤ ਕੰਵਲ ਸਿੰਘ ਹਮਦਰਦ, ਡਾ: ਵਿਨੋਦ ਸ਼ਰਮਾ, ਪ੍ਰੇਮ ਵਿੱਜ, ਡਾ: ਮੇਘਾ ਸਿੰਘ, ਡਾ: ਸੰਗੀਤਾ ਸ਼ਰਮਾ ਕੁੰਦਰਾ, ਊਸ਼ਾ ਆਰ. ਸ਼ਰਮਾ, ਰੇਖਾ ਮਿੱਤਲ, ਡੇਜ਼ੀ ਬੇਦੀ ਜੁਨੇਜਾ, ਸਿਮਰਜੀਤ ਕੌਰ ਗਰੇਵਾਲ, ਸੁਸ਼ੀਲ ਨਾਗਪਾਲ, ਕੇ.ਕੇ. ਸ਼ਾਰਦਾ, ਸੋਮੇਸ਼ ਗੁਪਤਾ, ਸ਼ਾਇਰ ਭੱਟੀ, ਢਿੱਲੋਂ, ਅਸ਼ੋਕ ਨਾਦਿਰ, ਡਾ: ਅਨੀਸ਼ ਗਰਗ, ਚੰਦਰ ਕਾਂਤਾ ਸ਼ਰਮਾ, ਸਿਮਰਨ, ਰਿਪਿੰਦਰ ਕੌਰ, ਗੁਰਪਾਲ ਕੌਰ, ਰਾਜ ਵਿੱਜ ਆਦਿ ਸ਼ਾਮਿਲ ਸਨ ।

# ਲਾਰੈਂਸ ਸਕੂਲ ਸਨਾਵਰ ਦੇ 177ਵੇਂ ਸਥਾਪਨਾ ਦਿਵਸ ਦੇ ਦੂਜੇ ਦਿਨ ਕਰਵਾਈ ਗਈ ਐਥਲੈਟਿਕਸ ਮੀਟ



ਚੰਡੀਗੜ੍ਹ, (ਲੋਕ ਬਾਣੀ) : ਲਾਰੈਂਸ ਸਕੂਲ, ਸਨਾਵਰ ਵਿਖੇ ਮਨਾਇਆ ਜਾ ਰਿਹਾ 177ਵਾਂ ਸਥਾਪਨਾ ਦਿਵਸ ਸਮਾਗਮ ਵੀਰਵਾਰ ਨੂੰ ਦੂਜੇ ਦਿਨ ਵਿੱਚ ਦਾਖਲ ਹੋ ਗਿਆ। ਇਸ ਮੌਕੇ ਤੇ ਐਥਲੈਟਿਕਸ ਮੀਟ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਸਕੂਲੀ ਵਿਦਿਆਰਥੀਆਂ ਅਤੇ ਓਲਡ ਸਨਾਵਰੀਅਨ (ਓ.ਐਸ.) ਨੇ ਖੇਡ ਮੁਕਾਬਲਿਆਂ ਵਿਚ ਹਿੱਸਾ ਲਿਆ । ਇਸ ਮੌਕੇ ਸਾਲ 1964 ਦੇ ਓ.ਐਸ ਕਰਨਲ ਐਨ.ਜੇ.ਐਸ ਪੰਨੂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ, ਉਹਨਾਂ ਨੇ ਇਹਨਾਂ ਸਾਲਾਨਾ ਖੇਡਾਂ ਨੂੰ ਆਪਣੇ ਖੇਡ ਕਰੀਅਰ ਲਈ ਇੱਕ ਲਾਂਚਿੰਗ ਪੈਡ ਬਣਾਉਣ ਲਈ ਕਿਹਾ ।

ਮਾਰਚ ਪਾਸਟ ਤੋਂ ਬਾਅਦ, ਸਕੂਲ ਦੇ ਚਾਰ ਹਾਊਸਾਂ - ਨੀਲਗਿਰੀ, ਵਿੰਧਿਆ, ਸ਼ਿਵਾਲਿਕ ਅਤੇ ਹਿਮਾਲਿਆ - ਦੇ ਐਥਲੀਟਾਂ ਨੇ 10 ਐਥਲੈਟਿਕਸ ਮੁਕਾਬਲਿਆਂ ਵਿੱਚ ਭਾਗ ਲਿਆ। ਮੁੱਖ ਮਹਿਮਾਨ ਕਰਨਲ ਪੰਨੂੰ ਨੇ ਹੈੱਡਮਾਸਟਰ ਹਿੰਮਤ ਸਿੰਘ ਗਿੱਲ ਦੀ ਹਾਜ਼ਰੀ ਵਿੱਚ ਜੇਤੂਆਂ ਨੂੰ ਸਨਮਾਨਿਤ ਕੀਤਾ। ਵੱਖ-ਵੱਖ ਵਰਗਾਂ ਵਿੱਚ ਸਰਵੋਤਮ ਅਥਲੀਟ ਦਾ ਖਿਤਾਬ ਅਮਾਇਰਾ ਧਨਖੜ, ਸਾਹਿਰਾ ਗਰੋਵਰ, ਆਰਿਆਮਨ ਬੋਸ, ਦੇਵਵਰਤ ਮਲਿਕ, ਐਸ਼ਵਰਿਆ ਕੁਮਾਰ, ਵਾਨੀ ਬਡੋਲਾ, ਅਰਾਨੀ, ਮੰਨਤ ਗਿੱਲ, ਕਿਮਾਇਆ ਕੋਚਰ, ਸਨੇਹਾ ਪੰਵਾਰ, ਈਸ਼ੀ ਕੇਜਰੀਵਾਲ, ਆਦਿਤਿਆ ਰਾਜ ਚੌਹਾਨ ਅਤੇ ਚੇਤਨ ਪ੍ਰਭਸਿੰਘ ਨੂੰ ਮਿਲਿਆ।

ਸ਼ਾਮ ਨੂੰ ਵਿਦਿਆਰਥੀਆਂ ਨੇ ਸਮਾਰੋਹ ਵਿੱਚ ਆਪਣੀ ਨਾਟਕੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਜਿਸ ਵਿੱਚ ਚਾਰਲਸ ਡਿਕਨਜ਼ ਦੇ ਮਸ਼ਹੂਰ ਨਾਵਲ ਓਲੀਵਰ ਟਵਿਸਟ ਤੇ ਆਧਾਰਿਤ ਨਾਟਕ ਪੇਸ਼ ਕੀਤਾ ਗਿਆ, ਜਦਕਿ ਹਿੰਦੀ ਨਾਟਕ ਟੈਂਡਰ ਆਫ਼ ਤਾਜ ਮਹਿਲ ਦਾ ਮੰਚਨ ਕੀਤਾ ਗਿਆ । ਇਸਤੋਂ ਬਾਅਦ (ਲਾਈਟ ਐਂਡ ਸਾਊਂਡ ਸ਼ੋਅ) ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮਾਸ ਪੀ.ਟੀ., ਗਰਲਜ਼ ਬੈਂਡ ਸ਼ੋਅ, ਜਿਮਨਾਸਟਿਕ ਅਤੇ ਸਮੁੱਚੇ ਸਕੂਲ ਵੱਲੋਂ ਇੱਕ ਸ਼ਾਨਦਾਰ ਡਾਂਸ ਪੇਸ਼ਕਾਰੀ ਕੀਤੀ ਗਈ ।

# ਸੰਤੋਸ਼ ਕਟਾਰੀਆ ਵਿਧਾਇਕ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਿਲਕੇ ਸੇਹਤਯਾਬੀ ਦੀ ਕੀਤੀ ਕਾਮਨਾ...



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਜਦੋਂ ਇੱਕ ਖੇਤਰ ਵਿੱਚ ਕੰਮ ਕਰਦੇ ਹੋਇਏ ਤਾਂ ਆਪਸੀ ਭਾਈਚਾਰਕ ਸਾਂਝ ਬਣ ਜਾਂਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੀਬੀ ਸੰਤੋਸ਼ ਕਟਾਰੀਆ ਵਿਧਾਇਕ ਹਲਕਾ ਬਲਾਚੌਰ ਨੇ ਕਰਦਿਆਂ ਹੋਇਆਂ ਕਿਹਾ ਕਿ ਉਹ ਬੀਤੇ ਦਿਨੀਂ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਦੀ ਖ਼ਬਰ ਲੈਣ ਲਈ ਚੰਡੀਗੜ੍ਹ ਵਿਖੇ ਉਨ੍ਹਾਂ ਦੀ ਰਿਹਾਇਸ਼ ਤੇ ਪਹੁੰਚੇ ਜੋ ਕਿ ਉਹ ਪਿਛਲੇ ਦਿਨੀਂ ਬਿਮਾਰ ਹੋ ਗਏ ਸਨ ਤੇ ਉਹਨਾਂ ਦੀ ਸੇਹਤਯਾਬੀ ਦੀ ਪ੍ਰਮਾਤਮਾ ਅੱਗੇ ਦੁਆ ਕੀਤੀ। ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਨਾਲ ਕਾਫੀ ਚਰਚਾ ਹੋਈ ਉਹਨਾਂ ਹਲਕਾ ਬਲਾਚੌਰ ਦੇ ਪੰਚਾਇਤੀ ਚੋਣਾਂ ਵਾਰੇ ਵੀ ਵਿਸ਼ੇਸ਼ ਚਰਚਾ ਕੀਤੀ। ਉਹਨਾਂ ਨੂੰ ਮੈਂ ਵਿਸਤਾਰ ਨਾਲ ਬਲਾਚੌਰ ਹਲਕੇ ਦੀ ਜਾਣਕਾਰੀ ਦਿੱਤੀ। ਇਸ ਮੌਕੇ ਉਨ੍ਹਾਂ ਨਾਲ ਕਰਨਵੀਰ ਕਟਾਰੀਆ ਯੂਥ ਆਗੂ ਆਪ ਵੀ ਖ਼ਬਰ ਲੈਣ ਲਈ ਪਹੁੰਚੇ। ਇਸ ਦੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ ਚੰਦਰ ਮੋਹਨ ਜੇਡੀ ਮੀਡੀਆ ਇੰਚਾਰਜ ਨੇ ਕਿਹਾ ਕਿ ਪੂਰੇ ਪੰਜਾਬ ਦੇ ਵਸਨੀਕਾਂ ਦੀਆਂ ਦੁਆਵਾਂ ਸਦਕਾ ਭਗਵੰਤ ਮਾਨ ਜੀ ਜਲਦ ਠੀਕ ਹੋ ਪਾਏ ਹਨ।

# ਈਟੀਟੀ 5994 ਯੂਨੀਅਨ ਦਾ ਪੰਜਵੇਂ ਦਿਨ ਵੀ ਰਿਹਾ ਜਾਰੀ

## ਜਲਦ ਤੋਂ ਜਲਦ ਸਟੇਸ਼ਨ ਚੋਣ ਦਾ ਪੋਰਟਲ ਖੋਲ੍ਹਣ ਤੇ ਜੁਆਇਨ ਕਰਵਾਉਣ ਦੀ ਮੰਗ



ਸ੍ਰੀ ਅਨੰਦਪੁਰ ਸਾਹਿਬ(ਦਵਿੰਦਰਪਾਲ ਸਿੰਘ): ਈਟੀਟੀ ਟੈਟ ਪਾਸ ਬੇਰੁਜਗਾਰ 5994 ਅਧਿਆਪਕ ਯੂਨੀਅਨ ਪੰਜਾਬ ਵੱਲੋਂ ਐਤਵਾਰ 29 ਸਤੰਬਰ ਤੋਂ ਸਕੂਲੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਆਰੰਭ ਕੀਤਾ ਪੱਕਾ ਰੋਸ ਧਰਨਾ ਵੀਰਵਾਰ ਨੂੰ ਪੰਜਵੇਂ ਦਿਨ ਵੀ ਜਾਰੀ ਰਿਹਾ। ਇਸ ਦੌਰਾਨ ਆਗੂਆਂ ਨੇ ਮੰਗ ਕੀਤੀ ਹੈ ਕਿ ਸਟੇਸ਼ਨ ਚੋਣ ਸਬੰਧੀ ਪੋਰਟਲ ਜਲਦ ਤੋਂ ਜਲਦ ਖੋਲ੍ਹਿਆ ਜਾਵੇ ਅਤੇ ਜੁਆਇਨ ਕਰਵਾਇਆ ਜਾਵੇ। ਇਸ ਮੌਕੇ ਸੂਬਾ ਕਮੇਟੀ ਮੈਂਬਰ ਬੱਗਾ ਖੁਡਾਲ, ਪਰਮਪਾਲ ਫਾਜ਼ਿਲਕਾ, ਬੰਟੀ ਕੰਬੋਜ, ਬਲਿਹਾਰ ਸਿੰਘ, ਕੁਲਵਿੰਦਰ ਬਰੇਟਾ, ਡਾ. ਪਰਵਿੰਦਰ ਸਿੰਘ ਲਾਹੌਰੀਆ, ਹਰੀਸ਼ ਫਾਜਿਲਕਾ ਅਤੇ ਪ੍ਰਗਟ ਬੋਹਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਈਟੀਟੀ ਕਾਡਰ ਦੀ 5994 ਭਰਤੀ ਨੂੰ ਲਗਾਤਾਰ ਨਜਰ ਅੰਦਾਜ ਕੀਤਾ ਜਾ ਰਿਹਾ ਹੈ। 12 ਅਕਤੂਬਰ 20 22 ਨੂੰ ਕੱਢੀ ਗਈ ਇਸ ਭਰਤੀ ਨੂੰ ਪੂਰਾ ਕਰਨ ਵੱਲ ਮੌਜੂਦਾ ਸਰਕਾਰ ਦਾ ਉੱਕਾ ਹੀ ਧਿਆਨ ਨਹੀ ਹੈ। ਆਗੂਆਂ ਨੇ ਕਿਹਾ ਕਿ ਇਸ ਭਰਤੀ ਲਈ ਚੁਣੇ ਗਏ 2468 ਅਧਿਆਪਕਾਂ ਦੀ ਸਿਲੈਕਸ਼ਨ ਲਿਸਟ 1 ਸਤੰਬਰ 2024 ਨੂੰ ਜਾਰੀ ਕੀਤੀ ਜਾ ਚੁੱਕੀ ਹੈ ਪਰ ਬੜੀ ਹੈਰਾਨੀ ਦੀ ਗੱਲ ਹੈ ਕਿ ਅੱਜ ਇੱਕ ਮਹੀਨੇ ਤੋਂ ਵੱਧ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਇਨ੍ਹਾਂ ਚੁਣੇ ਗਏ ਉਮੀਦਵਾਰਾਂ ਨੂੰ ਸਟੇਸ਼ਨ ਚੋਣ ਤੱਕ ਵੀ ਨਹੀ ਕਰਵਾਈ ਗਈ, ਜੋ ਕਿ ਸਿੱਖਿਆ ਵਿਭਾਗ ਦੇ ਅਧਿਕਾਰੀਆਂ 'ਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਕਿਹਾ ਕਿ ਸਟੇਸ਼ਨ ਚੋਣ ਸਬੰਧੀ ਪੋਰਟਲ ਨਾ ਖੁੱਲ੍ਹਣ ਕਾਰਨ ਸਮੂਹ ਈਟੀਟੀ 5994 ਯੂਨੀਅਨ ਅੰਦਰ ਭਾਰੀ ਰੋਸ ਤੇ ਨਿਰਾਸ਼ਾ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਈਟੀਟੀ ਯੂਨੀਅਨ ਨੂੰ ਧਰਨੇ ਪ੍ਰਦਰਸ਼ਨ ਕਰਨ ਲਈ ਮਜਬੂਰ ਕਰ ਰਹੀ ਹੈ। ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਜਲਦ ਤੋਂ ਜਲਦ ਸਟੇਸ਼ਨ ਚੋਣ ਦਾ ਪੋਰਟਲ ਖੋਲ੍ਹ ਕੇ ਚੁਣੇ ਗਏ ਉਮੀਦਵਾਰਾਂ ਨੂੰ ਸਕੂਲਾਂ ਵਿੱਚ ਜੁਆਇਨ ਕਰਵਾਇਆ ਜਾਵੇ ਅਤੇ ਬੈਕਲੌਗ ਅਸਾਮੀਆਂ ਸਬੰਧੀ ਅਗਲੀ ਰੂਪ ਰੇਖਾ ਆਰੰਭੀ ਜਾਵੇ।

ਰੋਜ਼ਾਨਾ ਲੋਕ ਬਾਣੀ www.lokbani

# ਅਧਿਆਪਕ ਸੁਰਜੀਤ ਰਾਣਾ ਨਿਸ਼ਕਾਮ ਸੇਵਾ ਨਾਲ ਬਦਲ ਰਿਹਾ ਹੈ ਪੇਂਡੂ ਨੌਜਵਾਨਾਂ ਦਾ ਭਵਿੱਖ

ਸ੍ਰੀ ਆਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਨਜ਼ਦੀਕੀ ਪਿੰਡ ਨਾਨੋਵਾਲ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿੱਚ ਬਤੌਰ ਈਟੀਟੀ ਅਧਿਆਪਕ ਸੇਵਾਵਾਂ ਨਿਭਾ ਅਧਿਆਪਕ ਸੁਰਜੀਤ ਰਾਣਾ ਨੇ ਪੇਂਡੂ ਵਿਦਿਆਰਥੀਆਂ ਨੂੰ ਵੱਖ-ਵੱਖ ਟੈਸਟਾਂ ਦੀ ਫਰੀ ਕੋਚਿੰਗ ਦੇ ਕੇ ਉਹਨਾਂ ਦਾ ਭਵਿੱਖ ਸਿਰਜਿਆ ਹੈ ਤੇ ਇਸ ਅਧਿਆਪਕ ਦੀ ਨਿਸ਼ਕਾਮ ਸੇਵਾ ਦੀ ਇਲਾਕੇ ਵਿੱਚ ਖੂਬ ਚਰਚਾ ਹੈ। ਅਧਿਆਪਕ ਸੁਰਜੀਤ ਰਾਣਾ ਆਪਣੇ ਨੌਕਰੀ ਦੇ ਸਮੇਂ ਤੋਂ ਬਾਅਦ ਸਰਕਾਰੀ ਸਕੂਲ ਵਿੱਚ ਹੀ ਨੇੜਲੇ ਪਿੰਡਾਂ ਦੇ ਨੌਜਵਾਨਾਂ ਨੂੰ ਖਾਸ ਤੌਰ ਤੇ ਭਾਰਤੀ ਫੌਜ ਵਿੱਚ ਭਰਤੀ ਹੋਣ ਲਈ ਲਿਖਤੀ ਟੈਸਟ ਦੀ ਫਰੀ ਕੋਚਿੰਗ ਦਿੰਦੇ ਹਨ ਤੇ ਇਸ ਤੋਂ ਇਲਾਵਾ ਜਵਾਹਰ ਨਵੋਦਿਆ ਵਿਦਿਆਲਿਆ ਦੇ ਟੈਸਟ ਨੂੰ ਪਾਸ ਕਰਨ ਲਈ ਵੀ ਉਹਨਾਂ ਵੱਲੋਂ ਤਕਰੀਬਨ ਪਿਛਲੇ 10 ਸਾਲ ਤੋਂ ਫਰੀ ਕੋਚਿੰਗ ਦਿੱਤੀ ਜਾ ਰਹੀ ਹੈ। ਇਸ ਅਧਿਆਪਕ ਵੱਲੋਂ ਫਰੀ ਸਿੱਖਿਆ ਪ੍ਰਾਪਤ ਕਰਕੇ ਹੁਣ ਤੱਕ 104 ਨੌਜਵਾਨ ਭਾਰਤੀ ਫੌਜ ਵਿੱਚ ਵੱਖ-ਵੱਖ ਅਹੁਦਿਆਂ ਲਈ ਚੁਣੇ ਗਏ ਹਨ ਤੇ ਇਸ ਤੋਂ ਇਲਾਵਾ ਇਹਨਾਂ ਦੇ 35 ਵਿਦਿਆਰਥੀ ਨਵੋਦਿਆ ਵਿਦਿਆਲਿਆ ਦਾ ਟੈਸਟ ਪਾਸ ਕਰਕੇ ਚਮਕੌਰ ਸਾਹਿਬ ਦੇ ਨਜ਼ਦੀਕ ਪਿੰਡ ਸੰਧੂਆਂ ਵਿਖੇ ਫਰੀ ਪੜ੍ਹਾਈ ਕਰ ਰਹੇ ਹਨ। ਗੌਰਤਲਬ ਹੈ ਕਿ ਫਰਵਰੀ 2024 ਤੋਂ ਲੈ ਕੇ ਮਈ 202 ਤੱਕ



ਇਹਨਾਂ ਵੱਲੋਂ ਲਗਾਤਾਰ ਤਿੰਨ ਮਹੀਨੇ ਨੌਜਵਾਨਾਂ ਨੂੰ ਭਾਰਤੀ ਫੌਜ ਦੇ ਲਿਖਤੀ ਪੇਪਰ ਪਾਸ ਕਰਨ ਦੀ ਕੋਚਿੰਗ ਦਿੱਤੀ ਗਈ ਤੇ ਇਹਨਾਂ ਦੇ 50 ਵਿੱਚੋਂ 43 ਬੱਚਿਆਂ ਨੇ ਲਿਖਤੀ ਟੈਸਟ ਪਾਸ ਕਰ ਲਿਆ ਤੇ ਉਸ ਉਪਰੰਤ 17 ਬੱਚੇ ਦੌੜ ਅਤੇ ਮੈਡੀਕਲ ਕਲੀਅਰ ਕਰਕੇ ਭਰਤੀ ਹੋਣ ਵਿੱਚ ਕਾਮਯਾਬ ਹੋਏ। ਸੁਰਜੀਤ ਰਾਣਾ ਵੱਲੋਂ ਸਮਾਜ ਸੇਵਾ ਦੇ ਹੋਰ ਬਹੁਤ ਸਾਰੇ ਕੰਮ ਕੀਤੇ ਜਾਂਦੇ ਹਨ ਤੇ ਉਹਨਾਂ ਵੱਲੋਂ ਹੁਣ ਤੱਕ 500 ਤੋਂ ਵੱਧ ਲੋਕਾਂ ਦੇ ਬੁਢਾਪਾ ਪੈਨਸ਼ਨ, ਵਿਧਵਾ ਤੇ ਅਪੰਗ ਪੈਨਸ਼ਨ ਲਈ ਫਾਰਮ ਭਰ ਕੇ ਉਹਨਾਂ ਨੂੰ ਸਰਕਾਰੀ ਸੁਵਿਧਾਵਾਂ ਦਾ ਲਾਭ ਵੀ ਦਵਾਇਆ ਜਾ ਚੁੱਕਾ ਹੈ। ਗੌਰ ਤਲਬ ਹੈ ਕਿ ਇਹ ਸਾਰੇ ਕੰਮ ਮਾਸਟਰ ਸੁਰਜੀਤ ਰਾਣਾ ਵੱਲੋਂ ਨਿਰਸਵਾਰਥ ਭਾਵਨਾ ਨਾਲ ਤੇ ਪੂਰੀ ਲਗਨ ਅਤੇ ਮਿਹਨਤ ਨਾਲ ਕੀਤੇ ਜਾ ਰਹੇ ਹਨ।

ਰੋਜ਼ਾਨਾ ਲੋਕ ਬਾਣੀ www.lokbani

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਵੱਛਤਾ ਹੀ ਸੇਵਾ ਅਭਿਆਨ ਤਹਿਤ ਜ਼ਿਲ੍ਹਾ ਕੋਰਟ ਕੰਪਲੈਕਸ ਵਿੱਚ ਸਫ਼ਾਈ ਮੁਹਿੰਮ ਚਲਾਈ ਗਈ



ਮੋਹਾਲੀ, (ਲੋਕ ਬਾਣੀ) ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ ਵੱਲੋਂ ਅੱਜ ਸਵੱਛਤਾ ਹੀ ਸੇਵਾ ਅਭਿਆਨ ਦਾ ਆਯੋਜਨ ਸਫ਼ਾਈ ਕਰਮਚਾਰੀਆਂ ਅਤੇ ਸਟਾਫ਼ ਦੀ ਸਰਗਰਮ ਸ਼ਮੂਲੀਅਤ ਨਾਲ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਸ਼੍ਰੀਮਤੀ ਸੁਰਭੀ ਪਰਾਸ਼ਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ ਵੱਲੋਂ ਪ੍ਰੇਰਣਾਦਾਇਕ ਭਾਸ਼ਣ ਨਾਲ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਆਪਣਾ ਯੋਗਦਾਨ ਪਾਉਣ। ਇਸ ਤੋਂ ਬਾਅਦ ਸਾਰੇ ਪ੍ਰਤੀਯੋਗੀਆਂ ਨੇ ਸਵੱਛਤਾ ਦੀ ਸਹੁੰ ਚੁੱਕੀ ਅਤੇ ਕੋਰਟ ਕੰਪਲੈਕਸ ਦੀ ਸਫਾਈ ਕਰਕੇ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ।

# ਸੰਯੁਕਤ ਕਸਾਨ ਮੋਰਚੇ ਵੱਲੋਂ ਲਖੀਮਪੁਰ ਖੀਰ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਉਪਰੰਤ ਰੈਲੀ ਤੇ ਮੁਜਾਹਰਾ ਕਰਕੇ ਮੋਦੀ ਤੇ ਟਹਿਣੀ ਦਾ



ਗੁਰਦਾਸਪੁਰ - ਨਵਨੀਤ ਕੁਮਾਰ -ਅੱਜ ਇਥੇ ਗੁਰੂ ਨਾਨਕ ਪਾਰਕ ਵਿਖੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਦੇਸ਼ ਵਿਆਪੀ ਪ੍ਰੋਗਰਾਮ ਦੇ ਸਹਿਤ ਰੈਲੀ ਕਰਕੇ ਲਖੀਮਪੁਰ ਖੀਰੀ ਦੇ 3 ਅਕਤੂਬਰ 2021 ਦੇ ਸ਼ਹੀਦ ਕਿਸਾਨਾਂ ਨਛੱਤਰ ਸਿੰਘ, ਲਵਪ੍ਰੀਤ ਸਿੰਘ, ਗੁਰਵਿੰਦਰ ਸਿੰਘ ,ਦਲਜੀਤ ਸਿੰਘ ਤੇ ਰਮਨ ਕਸ਼ਪ ਨੂੰ ਸ਼ਰਧਾਂਜਲੀ ਅਰਪਤ ਕੀਤੀ ਗਈ। ਇਸ ਦੀ ਪ੍ਰਧਾਨਗੀ ਸਾਂਝੇ ਤੌਰ ਤੇ ਤਰਲੋਕ ਸਿੰਘ ਬਹਿਰਾਮਪੁਰ ,ਅਜੀਤ ਸਿੰਘ ਹੁੰਦਲ, ਮੰਗਤ ਸਿੰਘ ਜੀਵਨ ਚੱਕ, ਬਲਬੀਰ ਸਿੰਘ ਉੱਚਧਕਾਲਾ, ਗੁਰਦੀਪ ਸਿੰਘ ਮੁਸਫਾਬਾਦ ਤੇ ਮਜ਼ਦੂਰ ਆਗੂ ਰਾਜ ਕੁਮਾਰ ਪੰਡੋਰੀ ਨੇ ਸਾਂਝੇ ਤੌਰ ਤੇ ਕੀਤੀ। ਉਪਰੰਤ ਮਾਰਚ ਕਰਕੇ ਡਾਕਨਾ ਚੌਂਕ ਵਿਖੇ ਸ਼ਹੀਦਾਂ ਦੇ ਕਾਤਲ ਅਜੇ ਮਿਸ਼ਰਾ ਟਹਿਣੀ ਦੇ ਕਪੁੱਤਰ ਅਸ਼ੀਸ਼ ਮਿਸ਼ਰਾ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਫੂਕੇ ਗਏ। ਇਸ ਮੌਕੇ ਬੋਲਦਿਆਂ ਮੱਖਣ ਸਿੰਘ ਕੋਹਾੜ ਸਤਬੀਰ ਸਿੰਘ ਸੁਲਤਾਨੀ ਗੁਰਵਿੰਦਰ ਸਿੰਘ ਜੀਵਨ ਚੱਕ ਸੁਖਦੇਵ ਸਿੰਘ ਭਾਗੋ ਕਾਵਾਂ ਬਲਬੀਰ ਸਿੰਘ ਬੈਂਸ ਰਾਜਕੁਮਾਰ ਪੰਡੋਰੀ ਰਘਬੀਰ ਸਿੰਘ ਚਾਹਲ ਗਗਨਦੀਪ ਸਿੰਘ ਗਿਆਨੀ ਮਹਿੰਦਰ ਸਿੰਘ ਪਲਵਿੰਦਰ ਸਿੰਘ ਗੋਸਲ ਰਜਵੰਤ ਸਿੰਘ ਅਲੀਸ਼ੇਰ ਆਦਿ ਨੇ ਆਖਿਆ ਕਿ ਮੋਦੀ ਸਰਕਾਰ ਨੇ ਕਾਲੇ ਕਾਨੂੰਨ ਲਿਆ ਕੇ ਜਿੱਥੇ 750 ਕਿਸਾਨਾਂ ਦੀ ਦਿੱਲੀ ਮੋਰਚੇ ਦੌਰਾਨ ਜਾਣ ਲਈ ਉੱਥੇ ਉਸ ਦੇ ਕੈਬਨਿਟ ਮੰਤਰੀ ਅਜੇ ਮਿਸ਼ਰਾ ਟਹਿਣੀ ਦੇ ਕਪੁੱਤਰ ਨੇ ਪੰਜ ਕਿਸਾਨ ਤਿੰਨ ਅਕਤੂਬਰ 20 21 ਨੂੰ ਲਖੀਮਪੁਰ ਖੀਰੀ ਵਿਖੇ ਮੁਜ਼ਾਹਰਾ ਕਰਕੇ ਘਰਾਂ ਨੂੰ ਵਾਪਸ ਆ ਰਹੇ ਕਿਸਾਨਾਂ ਉੱਪਰ ਥਾਰ ਗੱਡੀ ਚਾੜ ਕੇ ਪੰਜ ਕਿਸਾਨ ਸ਼ਹੀਦ ਕਰ ਦਿੱਤੇ ਸਨ ।ਇਸ ਲਈ ਮੋਦੀ ਤੇ ਟਹਿਣੀ ਦੋਵੇਂ ਕਾਤਲ ਹਨ। ਆਗੂਆਂ ਨੇ ਝੋਨਾ ਨਾ ਖਰੀਦਣ ਦੀ ਪਰਜੋਰ ਨਿਖੇਧੀ ਕੀਤੀ। ਇਸੇ ਤਰ੍ਹਾਂ ਹੀ ਉਸਦੀ ਬੀਜੇਪੀ ਦੀ ਐਮਪੀ ਕੰਗਨਾ ਰਨੌਤ ਵੱਲੋਂ ਪੰਜਾਬੀਆਂ ਵਿਰੁੱਧ ਉਲਟੇ ਸਿੱਧੇ ਬਿਆਨ ਦੇਣ ਤੇ ਉਹ ਵਿਰੁੱਧ ਮੁਕਦਮਾ ਦਰਜ ਕਰਨ ਦੀ ਮੰਗ ਕੀਤੀ ਗਈ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾਕਟਰ ਬਲਬੀਰ ਸਿੰਘ ਤੇ ਬੋਬੀ ਪੀਰਾਂਬਾਗ ਕੁਲਜੀਤ ਸਿੰਘ ਬੱਬਰੀ ਤੇ ਸਿੱਧਵਾਂ ਜਮੀਤਾ ਗੁਰਮੀਤ ਸਿੰਘ ਥਾਣੇਵਾਲ ਰਜਵੰਤ ਸਿੰਘ ਅਲੀਸ਼ੇਰ ਪਲਵਿੰਦਰ ਤੇ ਲਾਡੀ ਸ਼ਾਹ ਘਰਾਲਾ ਆਦਿ ਵੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਨਗਰ ਨਿਗਮ ਕਮਿਸ਼ਨਰ ਨੇ ਸਵੱਛਤਾ ਪੰਦਰਵਾੜੇ 'ਚ ਸਹਿਯੋਗ ਲਈ ਲਾਇਨਜ ਕਲੱਬ ਫਗਵਾੜਾ ਚੈਂਪੀਅਨ ਨੂੰ ਕੀਤਾ ਸਨਮਾਨਤ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਨਗਰ ਨਿਗਮ ਫਗਵਾੜਾ ਵਲੋਂ ਮਨਾਏ ਗਏ ਸਵੱਛਤਾ ਪੰਦਰਵਾੜੇ ਵਿਚ ਲਾਇਨਜ ਕਲੱਬ ਫਗਵਾੜਾ ਚੈਂਪੀਅਨ ਨੂੰ ਨਿਗਮ ਕਮਿਸ਼ਨਰ ਨਵਨੀਤ ਕੌਰ ਬੱਲ ਵਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਹ ਸਨਮਾਨ ਕਲੱਬ ਦੇ ਕੈਸ਼ੀਅਰ ਲਾਇਨ ਅਜੇ ਕੁਮਾਰ ਨੇ ਹਾਸਲ ਕੀਤਾ। ਉਹਨਾਂ ਦੇ ਨਾਲ ਲਾਇਨਜ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ ਲਾਇਨ ਗੁਰਦੀਪ ਸਿੰਘ ਕੰਗ ਵੀ ਮੌਜੂਦ ਸਨ। ਜਿਹਨਾਂ ਦਾ ਵੀ ਸਹਿਯੋਗ ਲਈ ਨਿਗਮ ਕਮਿਸ਼ਨਰ ਨਵਨੀਤ ਕੌਰ ਨੇ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਲਾਇਨ ਗੁਰਦੀਪ ਸਿੰਘ ਕੰਗ ਨੇ ਦੱਸਿਆ ਕਿ ਭਾਰਤ ਸਰਕਾਰ ਦੀ ਸਵੱਛਤਾ ਮੁਹਿਮ ਦੇ 10 ਸਾਲ ਪੂਰੇ ਹੋਣ ਮੌਕੇ ਗਾਂਧੀ ਜਯੰਤੀ ਨੂੰ ਸਮਰਪਿਤ ਕਰਕੇ ਮਨਾਏ ਸਵੱਛਤਾ ਪੰਦਰਵਾੜੇ ਦੌਰਾਨ ਲਾਇਨਜ ਕਲੱਬ ਫਗਵਾੜਾ ਚੈਂਪੀਅਨ ਅਤੇ ਸਕੂਲ ਆਫ ਐਮੀਨੈਂਸ (ਲੜਕੇ) ਦੇ ਸਹਿਯੋਗ ਨਾਲ ਸਾਇਕਲ ਰੈਲੀ ਰਾਹੀਂ ਸਵੱਛਤਾ ਦਾ ਸੁਨੇਹਾ ਦਿੱਤਾ ਗਿਆ ਸੀ। ਇਸ ਤੋਂ ਇਲਾਵਾ 2 ਅਕਤੂਬਰ ਨੂੰ ਗਾਂਧੀ ਜਯੰਤੀ ਤੇ ਸਵੱਛਤਾ ਪੰਦਰਵਾੜੇ ਦੀ ਸਮਾਪਤੀ ਮੌਕੇ ਵੀ ਨਗਰ ਨਿਗਮ ਫਗਵਾੜਾ ਵਲੋਂ ਚਲਾਈ ਸਫਾਈ ਮੁਹਿਮ ਵਿਚ ਉਹਨਾਂ ਹਿੱਸਾ ਲਿਆ ਸੀ। ਲਾਇਨ ਕੰਗ ਨੇ ਫਿਰ ਭਰੋਸਾ ਦਿੱਤਾ ਕਿ ਸਵੱਛਤਾ ਪ੍ਰਤੀ ਜਾਗਰੂਕਤਾ ਅੱਜ ਸਮੇਂ ਦੀ ਲੋੜ ਹੈ ਇਸ ਲਈ ਉਹ ਡਿਸਟ੍ਰਿਕਟ 321-ਡੀ ਦੀਆਂ ਸਮੂਹ ਕਲੱਬਾਂ ਨੂੰ ਸਵੱਛਤਾ ਨਾਲ ਸਬੰਧਤ ਵੱਧ ਤੋਂ ਵੱਧ ਪ੍ਰੋਜੈਕਟ ਕਰਨ ਲਈ ਪ੍ਰੇਰਿਤ ਕਰਨਗੇ। ਇਸ ਮੌਕੇ ਨਗਰ ਨਿਗਮ ਫਗਵਾੜਾ ਦੇ ਅਧਿਕਾਰੀਆਂ, ਕਰਮਚਾਰੀਆਂ ਤੋਂ ਇਲਾਵਾ ਸਕੂਲ ਆਫ ਐਮੀਨੈਂਸ ਦੇ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਅਤੇ ਪੁਤਰੀ ਪਾਠਸ਼ਾਲਾ ਹਦੀਆਬਾਦ ਦੇ ਪ੍ਰਿੰਸੀਪਲ ਗੀਟਾ ਥਾਪਰ, ਮੋਨਿਕਾ ਸ਼ਰਮਾ ਆਦਿ ਵੀ ਹਾਜਰ ਸਨ।




ਰੋਜ਼ਾਨਾ ਲੋਕ ਬਾਣੀ www.lokbani

# ਖਾਲਸਾ ਕਾਲਜ ਵਿਖੇ ਪ੍ਰੋਫ਼ੈਸ਼ਨਲ ਐਥਿਕਸ ਵਿਸ਼ੇ ਤੇ ਕਰਵਾਇਆ ਗਿਆ ਗੈਸਟ ਲੈਕਚਰ



ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ)
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਥਾਨਕ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਅੰਗਰੇਜ਼ੀ ਪੀ.ਜੀ. ਵਿਭਾਗ ਅਤੇ ਭਾਰਤੀ ਗਿਆਨ ਪ੍ਰਣਾਲੀ ਸੈੱਲ ਵੱਲੋਂ ਪ੍ਰੋਫ਼ੈਸ਼ਨਲ ਐਥਿਕਸ ਵਿਸ਼ੇ ਤੇ ਗੈਸਟ ਲੈਕਚਰ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਡਾ. ਜਰਨੈਲ ਸਿੰਘ ਅਨੰਦ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੋਫ਼ੈਸ਼ਨਲ ਐਥਿਕਸ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਅਜਿਹੇ ਪ੍ਰੇਰਣਾਦਾਇਕ ਭਾਸ਼ਣ ਦਾ ਆਯੋਜਨ ਕਰਨ ਲਈ ਅੰਗਰੇਜ਼ੀ ਵਿਭਾਗ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਕਿਤਾਬਾਂ ਪੜ੍ਹਨ ਲਈ ਵੀ ਪ੍ਰੇਰਿਤ ਕੀਤਾ। ਇਸ ਦੌਰਾਨ ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਗੁਰਪ੍ਰੀਤ ਕੌਰ ਦੀ ਅਨੁਵਾਦ ਕੀਤੀ ਅਤੇ ਬਲਵਿੰਦਰ ਕੌਰ ਚੱਠਾ ਵੱਲੋਂ ਲਿਖੀ ਕਿਤਾਬ ਦੀ ਘੁੰਢ ਚੁਕਾਈ ਵੀ ਕੀਤੀ ਗਈ। ਇਸ ਮੌਕੇ ਡਾ. ਮਨਪ੍ਰੀਤ ਕੌਰ, ਡਾ. ਪਰਮਪ੍ਰੀਤ ਸਿੰਘ, ਪ੍ਰੋ. ਪਰਵਿੰਦਰ ਕੌਰ,ਸਮੂਹ ਅੰਗਰੇਜ਼ੀ ਵਿਭਾਗ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਖੇਤੀਬਾੜੀ ਵਿਭਾਗ ਨੇ ਫਗਵਾੜਾ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਕੀਤਾ ਜਾਗਰੂਕ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਜ਼ਿਲ੍ਹਾ ਪ੍ਰਸ਼ਾਸਨ ਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵਲੋਂ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕਰਕੇ ਪਰਾਲੀ ਨੂੰ ਅੱਗ ਲਾਉਣ ਨਾਲ ਵਾਤਾਵਰਨ ਅਤੇ ਮਨੁੱਖੀ ਸਿਹਤ ਤੇ ਪੈਂਦੇ ਮਾੜੇ ਪ੍ਰਭਾਵਾਂ ਤੋ ਜਾਣੂ ਕਰਵਾਇਆ ਗਿਆ ਮੁੱਖ ਖੇਤੀਬਾੜੀ ਅਫਸਰ ਡਾ.ਬਲਬੀਰ ਚੰਦ ਵਲੋਂ ਖੇਤੀਬਾੜੀ ਵਿਭਾਗ ਦੀ ਟੀਮ ਨਾਲ ਫਗਵਾੜਾ ਦੇ ਪਿੰਡ ਬਰਨ, ਰਾਣੀਪੁਰ, ਬੋਹਾਣੀ ਅਤੇ ਬਬੇਲੀ ਦਾ ਦੌਰਾ ਕਰਕੇ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਕਰਨ ਦੀ ਅਪੀਲ ਕਰਦਿਆਂ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵਲੋਂ ਸਬਸਿਡੀ ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਖੇਤੀ ਮਸ਼ੀਨਾਂ ਦੀ ਵਰਤੋਂ ਕਰਕੇ ਪਰਾਲੀ ਦਾ ਸਹੀ ਨਿਪਟਾਰਾ ਕਰਨ ਦੀ ਵੀ ਤਾਕੀਦ ਕੀਤੀ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੀਆਂ ਪੰਜ ਜਾਗਰੂਕਤਾ ਵੈਨਾਂ ਜ਼ਿਲ੍ਹੇ ਦੀਆਂ ਵੱਖ-ਵੱਖ ਸਬਡਵੀਜ਼ਨਾਂ ਚ ਜਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਜਾਗਰੂਕ ਕਰਨ ਦੇ ਨਾਲ-ਨਾਲ ਵਿਭਾਗ ਵਲੋਂ ਸਬਸਿਡੀ ਤੇ ਦਿੱਤੀਆਂ ਜਾਂਦੀਆਂ ਖੇਤੀ ਮਸ਼ੀਨਾਂ ਬਾਰੇ ਵੀ ਜਾਗਰੂਕ ਕਰ ਰਹੀਆਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਜਿਲ੍ਹੇ ਵਿਚ ਲਗਭਗ 32 ਦੇ ਕਰੀਬ ਬੇਲਰ ਵੀ ਚੱਲ ਰਹੇ ਹਨ ਤਾਂ ਜੋ ਪਰਾਲੀ ਨੂੰ ਗੱਠਾਂ ਬਣਾਕੇ ਬਾਇਲਰ ਯੂਨਿਟਾਂ ਵਿਚ ਬਾਲਣ ਦੇ ਤੌਰ 'ਤੇ ਵਰਤਿਆ ਜਾ ਰਿਹਾ ਹੈ

ਰੋਜ਼ਾਨਾ ਲੋਕ ਬਾਣੀ www.lokbani

# ਹਰਮਨ ਗਿੱਲ ਇਸ ਐਤਵਾਰ ਰਾਤ 8 ਵਜੇ ਜ਼ੀ ਪੰਜਾਬੀ ਦੇ ਮਿਊਜ਼ਿਕ ਤੇ ਮਸਤੀ ਤੇ ਆਪਣੀ ਰੂਹਾਨੀ ਆਵਾਜ਼ ਦਾ ਚਲਾਉਣਗੇ ਜਾਦੂ !!




(ਲੋਕ ਬਾਣੀ) ਜ਼ੀ, ਪੰਜਾਬੀ ਦਾ ਹਿੱਟ ਸੰਗੀਤ ਸ਼ੋਅ ਮਿਊਜ਼ਿਕ ਤੇ ਮਸਤੀ ਇਸ ਐਤਵਾਰ ਰਾਤ 8 ਵਜੇ ਇੱਕ ਹੋਰ ਰੋਮਾਂਚਕ ਐਪੀਸੋਡ ਦੇ ਨਾਲ ਵਾਪਸ ਆ ਰਿਹਾ ਹੈ, ਜਿਸ ਵਿੱਚ ਉਭਰਦੇ ਪੰਜਾਬੀ ਸਟਾਰ ਹਰਮਨ ਗਿੱਲ ਹਨ। ਆਪਣੀ ਰੂਹਾਨੀ ਆਵਾਜ਼ ਅਤੇ ਮਨਮੋਹਕ ਸਟੇਜ ਮੌਜੂਦਗੀ ਲਈ ਜਾਣਿਆ ਜਾਂਦਾ, ਹਰਮਨ ਇੱਕ ਮਨਮੋਹਕ ਪ੍ਰਦਰਸ਼ਨ ਪੇਸ਼ ਕਰਨ ਲਈ ਤਿਆਰ ਹੈ ਜਿਸ ਨਾਲ ਦਰਸ਼ਕਾਂ ਨੂੰ ਉਹਨਾਂ ਦੀਆਂ ਸਕ੍ਰੀਨਾਂ ਤੇ ਚਿਪਕਾਇਆ ਜਾਵੇਗਾ।

ਇਸ ਵਿਸ਼ੇਸ਼ ਐਪੀਸੋਡ ਵਿੱਚ ਹਰਮਨ ਗਿੱਲ ਦੇ ਕੁਝ ਸਭ ਤੋਂ ਪਿਆਰੇ ਟਰੈਕਾਂ ਨੂੰ ਪੇਸ਼ ਕੀਤਾ ਜਾਵੇਗਾ, ਜਿਸ ਵਿੱਚ ਹਾਈ ਐਂਡ, ਯਾਰ ਬੋਲਦਾ, ਯਾਰੀ ਚੰਡੀਗੜ੍ਹ ਵਾਲੀਏ, ਅਤੇ ਜੱਟ ਦੀ ਪਸੰਦ ਵਰਗੇ ਹਿੱਟ ਗੀਤ ਸ਼ਾਮਲ ਹਨ। ਪ੍ਰਸ਼ੰਸਕ ਪ੍ਰਸਿੱਧ ਗੀਤਾਂ ਜਿਵੇਂ ਕਿ ਦਾਸੀ ਨਾ ਮੇਰੇ ਬਾਰੇ, ਬੱਚਾ, ਚਿਠੀਆ, ਲੇਮਬਦਗਿਨੀ, ਅਤੇ ਨਾਰਾਜ਼ਗੀ ਦੀ ਵੀ ਉਡੀਕ ਕਰ ਸਕਦੇ ਹਨ, ਜੋ ਅਭੁੱਲ ਸੰਗੀਤ ਅਤੇ ਮਨੋਰੰਜਨ ਦੀ ਰਾਤ ਦਾ ਵਾਅਦਾ ਕਰਦੇ ਹਨ।

ਸੰਗੀਤ ਤੇ ਮਸਤੀ ਪੰਜਾਬੀ ਸੰਗੀਤ ਪ੍ਰੇਮੀਆਂ ਦਾ ਮਨਪਸੰਦ ਬਣ ਗਿਆ ਹੈ, ਜੋ ਹਰ ਐਤਵਾਰ ਸ਼ਾਮ ਨੂੰ ਸਭ ਤੋਂ ਵਧੀਆ ਲੋਕ, ਪੌਪ ਅਤੇ ਸਮਕਾਲੀ ਸੰਗੀਤ ਨੂੰ ਇਕੱਠਾ ਕਰਦਾ ਹੈ। ਇਹ ਸ਼ੋ ਉੱਭਰਦੀ ਪ੍ਰਤਿਭਾ ਨੂੰ ਰੋਸ਼ਨ ਕਰਨਾ ਜਾਰੀ ਰੱਖਦਾ ਹੈ, ਅਤੇ ਹਰਮਨ ਗਿੱਲ ਨਾਲ ਇਸ ਹਫਤੇ ਦਾ ਐਪੀਸੋਡ ਦਰਸ਼ਕਾਂ ਨੂੰ ਖੁਸ਼ ਕਰਨ ਵਾਲਾ ਹੋਣਾ ਯਕੀਨੀ ਹੈ। ਹਰਮਨ ਗਿੱਲ ਦੁਆਰਾ ਇਸ ਐਤਵਾਰ ਰਾਤ 8 ਵਜੇ ਸਿਰਫ ਜ਼ੀ ਪੰਜਾਬੀ ਦੇ ਸੰਗੀਤ ਤੇ ਮਸਤੀ ਤੇ ਸ਼ਾਨਦਾਰ ਪ੍ਰਦਰਸ਼ਨ ਨੂੰ ਯਾਦ ਨਾ ਕਰੋ।

# ਡੈਮੋਕ੍ਰੇਟਿਕ ਆਸ਼ਾ ਵਰਕਰ ਫੈਸਿਲੀਟੇਟਰ ਯੂਨੀਅਨ ਨੇ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਤਹਿਸੀਲ ਕੇਂਦਰਾਂ ਤੇ ਮੁੱਖ ਮੰਤਰੀ ਪੰਜਾਬ ਦੇ ਪੁਤਲੇ ਸਾੜਨ ਦਾ ਕੀਤਾ ਐਲਾਨ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਡੈਮੋਕ੍ਰੇਟਿਕ ਆਸ਼ਾ ਵਰਕਰ ਫੈਸਿਲੀਟੇਟਰ ਯੂਨੀਅਨ ਪੰਜਾਬ ਜ਼ਿਲ੍ਹਾ ਕਪੂਰਥਲਾ ਦੀ ਅਹਿਮ ਮੀਟਿੰਗ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਕਲਵਿੰਦਰ ਕੌਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਜਥੇਬੰਦੀ ਦੇ ਬਲਵਿੰਦਰ ਕੌਰ ਟਿੱਬਾ, ਰੇਸ਼ਮ ਕੌਰ , ਰਜਿੰਦਰਪਾਲ ਕੌਰ, ਮਨਜੀਤ ਕੌਰ ਢਿੱਲਵਾਂ,ਰਾਣੀ ਸਿੱਧੂ ਤੇ ਸਿਮਰਨ ਕਪੂਰਥਲਾ, ਹਰਵਿੰਦਰ ਕੌਰ ਤੇ ਕੰਚਨ ਕਾਲਾ ਸੰਘਿਆਂ,ਆਸ਼ਮਾ ਪਾਂਛਟ
ਤੋਂ ਇਲਾਵਾ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਦੇ ਸੂਬਾਈ ਆਗੂ ਹਰਿੰਦਰ ਦੁਸਾਂਝ ਤੇ ਗੁਰਿੰਦਰਜੀਤ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਮੀਟਿੰਗ ਵਿੱਚ ਸੂਬਾਈ ਕਮੇਟੀ ਦੇ ਫ਼ੈਸਲੇ ਅਨੁਸਾਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਥੇਬੰਦੀ ਨਾਲ ਜਲੰਧਰ ਜ਼ਿਮਨੀ ਚੋਣ ਦਰਮਿਆਨ ਮੀਟਿੰਗ ਕਰਕੇ ਵਰਕਰਾਂ ਦੀ ਸੇਵਾ ਮੁਕਤੀ ਉਮਰ ਹੱਦ 62 ਸਾਲ ਕਰਨ ,ਕੱਟੇ ਭੱਤੇ ਬਹਾਲ ਕਰਨ,ਫੈਸਿਲੀਟੇਟਰਾ ਦੇ ਮਾਣ ਭੱਤੇ ਵਿੱਚ ਵਾਧਾ ਕਰਨ,5 ਲੱਖ ਦਾ ਮੁਫ਼ਤ ਬੀਮਾ ਕਰਨ ਆਦਿ ਮੰਨਣ ਤੋਂ ਬਾਅਦ ਵੀ ਲਾਗੂ ਨਾ ਕਰਨ ਅਤੇ ਵਾਅਦਾ ਖਿਲਾਫੀ ਕਰਨ ਦੇ ਵਿਰੋਧ ਵਜੋਂ 4 ਅਕਤੂਬਰ ਨੂੰ ਕਪੂਰਥਲਾ,5 ਅਕਤੂਬਰ ਨੂੰ ਸੁਲਤਾਨਪੁਰ ਲੋਧੀ,7 ਅਕਤੂਬਰ ਨੂੰ ਫਗਵਾੜਾ ਵਿੱਚ ਮੁੱਖ ਮੰਤਰੀ ਪੰਜਾਬ ਦੇ ਪੁਤਲੇ ਸਾੜਨ ਦਾ ਐਲਾਨ ਕੀਤਾ ਹੈ ਕੀਤਾ ਹੈ।
ਮੀਟਿੰਗ ਵਿੱਚ ਆਗੂਆ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਆਸਾਂ ਵਰਕਰਾਂ ਨਾਲ ਮੀਟਿੰਗ ਕਰਕੇ ਕੀਤੇ ਵਅਦੇ ਪੂਰੇ ਨਹੀਂ ਕਰ ਰਹੇ ਅਤੇ ਨਾ ਹੀ ਇਸ ਸਬੰਧੀ ਕੋਈ ਪੱਤਰ ਜਾਰੀ ਹੋਇਆ ਹੈ ਜਿਸ ਕਾਰਨ ਪੰਜਾਬ ਭਰ ਦੀਆਂ ਆਸਾਂ ਵਰਕਰਾਂ ਤੇ ਫੈਸਿਲੀਟੇਟਰਾਂ ਵਿੱਚ ਭਾਰੀ ਰੋਸ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਸ਼੍ਰੀ ਰਾਮ ਜੀ ਤੇ ਸ਼੍ਰੀ ਲਕਸ਼ਮਣ ਜੀ ਨੇ ਚਾਚੀ ਤਾੜਕਾ ਦਾ ਕੀਤਾ ਵਧ —ਸਾਧੂਆਂ ਨੂੰ ਮਾਰੀਚ ਤੇ ਸੁਬਾਹੂ ਦੇ ਜ਼ੁਲਮਾਂ ਤੋਂ ਦਿਵਾਈ ਰਾਹਤ

ਮਾਨਸਾ (ਮਨੋਜ)
ਸ਼੍ਰੀ ਸੁਭਾਸ਼ ਡਰਾਮਾਟਿਕ ਕਲੱਬ ਵੱਲੋਂ ਖੇਡੀ ਜਾ ਰਹੀ ਸ਼੍ਰੀ ਰਾਮ ਲੀਲਾ ਜੀ ਦੀ ਤੀਸਰੀ ਨਾਈਟ ਦਾ ਉਦਘਾਟਨ ਪ੍ਰਧਾਨ ਅੱਗਰਵਾਲ ਸਭਾ ਅਤੇ ਵਾਈਸ ਪ੍ਰਧਾਨ ਮਹਾਰਾਜਾ ਅਗਰਸੈਨ ਟਰੱਸਟ ਮਾਨਸਾ ਸ਼੍ਰੀ ਪਰਸ਼ੋਤਮ ਬਾਂਸਲ ਵੱਲੋਂ ਅਤੇ ਆਰਤੀ ਦੀ ਰਸਮ ਵਿਸ਼ੇਸ਼ ਮਹਿਮਾਨ ਪ੍ਰਧਾਨ ਸਨਾਤਨ ਧਰਮ ਸਭਾ ਸ਼੍ਰੀ ਵਿਨੋਦ ਕੁਮਾਰ ਭੰਮਾ ਵੱਲੋਂ ਅਦਾ ਕੀਤੀ ਗਈ।ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਧਰਮ ਨਾਲ ਜੁੜਕੇ ਇਸਦੀ ਸੇਵਾ ਕਰਨੀ ਚਾਹੀਦੀ ਹੈ ਕਿਉਂਕਿ ਮਾਤਾ—ਪਿਤਾ ਅਤੇ ਧਰਮ ਦੀ ਸੇਵਾ ਕਰਨਾ ਬਹੁਤ ਹੀ ਪੁੰਨ ਦਾ ਕੰਮ ਹੈ।ਉਨ੍ਹਾਂ ਕਿਹਾ ਕਿ ਉਹ ਬੜਾ ਮਾਣ ਮਹਿਸੂਸ ਕਰ ਰਹੇ ਹਨ ਕਿ ਉਨ੍ਹਾਂ ਨੂੰ ਇਸ ਮੰਚ ਤੇ ਬਤੌਰ ਮੁੱਖ ਮਹਿਮਾਨ ਬੁਲਾ ਕੇ ਉਦਘਾਟਨ ਕਰਨ ਦਾ ਮੌਕਾ ਪ੍ਰਦਾਨ ਕੀਤਾ ਹੈ।ਇਸ ਤੋਂ ਪਹਿਲਾਂ ਸੰਤੋਸ਼ੀ ਮਾਤਾ ਮੰਦਿਰ ਦੇ ਪੁਜਾਰੀ ਅਤੇ ਕਲੱਬ ਦੇ ਮੈਂਬਰ ਪੰਡਿਤ ਪੁਨੀਤ ਸ਼ਰਮਾ ਗੋਗੀ ਜੀ ਅਤੇ ਜਗਨਨਾਥ ਕੋਕਲਾ ਵੱਲੋਂ ਵਿਧੀ ਅਨੁਸਾਰ ਪੂਜਨ ਕਰਵਾਇਆ ਗਿਆ।ਇਸ ਮੌਕੇ ਕੈਸ਼ੀਅਰ ਸ਼੍ਰੀ ਸ਼ੁਸ਼ੀਲ ਕੁਮਾਰ ਵਿੱਕੀ, ਸਟੇਜ—ਕਮ—ਪ੍ਰੈਸ ਸਕੱਤਰ ਸ਼੍ਰੀ ਬਲਜੀਤ ਸ਼ਰਮਾ, ਸਟੇਜ ਸਕੱਤਰ ਸ਼੍ਰੀ ਅਰੁਣ ਅਰੋੜਾ, ਬਨਵਾਰੀ ਲਾਲ ਬਜਾਜ, ਰਾਜ ਕੁਮਾਰ ਰਾਜੀ, ਰਾਜੇਸ਼ ਪੂੜਾ, ਦੀਪਕ ਦੀਪੂ, ਸਮਰ ਅਤੇ ਇੰਦਰਜੀਤ ਵੀ ਮੌਜੂਦ ਸਨ।
ਕਲੱਬ ਦੇ ਚੇਅਰਮੈਨ ਸ਼੍ਰੀ ਅਸ਼ੋਕ ਗਰਗ ਨੇ ਦੱਸਿਆ ਕਿ ਕਲੱਬ ਵੱਲੋਂ ਧਰਮ ਦੇ ਇਸ ਕੰਮ ਨੂੰ ਸੁਚੱਜੇ ਢੰਗ ਨਾਲ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਪ੍ਰਭੂ ਸ਼੍ਰੀ ਰਾਮ ਜੀ ਦੀਆਂ ਸਿੱਖਿਆਵਾਂ ਨਾਲ ਜੋੜ ਕੇ ਰੱਖਣ ਦੇ ਉਪਰਾਲੇ ਕੀਤੇ ਜਾਂਦੇ ਹਨ।ਕਿਉਂਕਿ ਜੇਕਰ ਨੌਜਵਾਨ ਪ੍ਰਭੂ ਦੀਆਂ ਲੀਲਾਵਾਂ ਤੋਂ ਕੁਝ ਸਿੱਖਿਆ ਗ੍ਰਹਿਣ ਕਰਨਗੇ ਤਾਂ ਉਹ ਜਿੱਥੇ ਨਸ਼ਿਆਂ ਤੋਂ ਦੂਰ ਰਹਿਣਗੇ, ਉਥੇ ਸਮਾਜ ਵਿੱਚ ਚੰਗੇ ਕੰਮਾਂ ਵਿੱਚ ਆਪਣਾ ਸਹਿਯੋਗ ਕਰਨਗੇ।
ਕਲੱਬ ਦੇ ਪ੍ਰਧਾਨ ਸ਼੍ਰੀ ਪ੍ਰਵੀਨ ਗੋਇਲ ਨੇ ਦੱਸਿਆ ਕਿ ਸ਼੍ਰੀ ਰਾਮ ਲੀਲਾ ਜੀ ਦੇ ਮੰਚਨ ਨੂੰ ਦਰਸ਼ਕਾਂ ਵੱਲੋਂ ਬਹੁਤ ਸਰਾਹਿਆ ਜਾਂਦਾ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਦਾ ਸ਼੍ਰੀ ਰਾਮ ਲੀਲਾ ਜੀ ਦੇ ਧਾਰਮਿਕ ਕਾਰਜ ਨੂੰ ਸੁਚੱਜੇ ਢੰਗ ਨਾਲ ਅੱਗੇ ਵਧਾਉਣ ਲਈ ਸਹਿਯੋਗ ਕਰਨ ਵਿੱਚ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ 03 ਅਕਤੂਬਰ ਦੀ ਨਾਈਟ ਵਿੱਚ ਸੀਤਾ ਸਵੰਬਰ ਦੇ ਦ੍ਰਿਸ਼ ਦਿਖਾਏ ਜਾਣਗੇ।ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਸਮੇਂ ਸਿਰ ਕਲੱਬ ਵਿਖੇ ਪੰਹੁਚਣ ਦੀ ਅਪੀਲ ਕੀਤੀ।
ਐਕਟਰ ਬਾਡੀ ਦੇ ਪ੍ਰਧਾਨ ਸ਼੍ਰੀ ਵਰੁਣ ਕੁਮਾਰ ਵੀਨੂੰ ਨੇ ਦੱਸਿਆ ਕਿ ਅੱਜ ਦੀ ਨਾਇਟ ਦਾ ਸੁਭ ਆਰੰਭ ਬਾਲ ਰੂਪ ਵਿਚ ਛੋਟੇ ਸ਼੍ਰੀ ਰਾਮ—ਲਛਮਣ ਜੀ ਦੀ ਆਰਤੀ ਕਰਵਾ ਕੇ ਕੀਤਾ ਗਿਆ ਅਤੇ ਬਾਕੀ ਦੇ ਦ੍ਰਿਸ਼ਾਂ ਵਿੱਚ ਦਿਖਾਇਆ ਗਿਆ ਕਿ ਕਿਸ ਤਰ੍ਹਾਂ ਪਰਜਾਵਾਸੀ ਇਸ ਸਾਲ ਮੀਂਹ ਨਾ ਪੈਣ ਕਾਰਨ ਰਾਜਾ ਜਨਕ ਜੀ ਦੇ ਦਰਬਾਰ ਵਿਚ ਆਪਣੀ ਦੁੱਖ ਭਰੀ ਕਹਾਣੀ ਦੱਸਦੇ ਹਨ ਅਤੇ ਮਹਾਰਾਜਾ ਜਨਕ ਦਾ ਉਹਨਾ ਦੀ ਫਰਿਆਦ ਸੁਣ ਕੇ ਆਪ ਹਲ ਚਲਾਉਣਾ, ਮੀਂਹ ਪੈਣਾ ਅਤੇ ਉਸ ਸਮੇਂ ਮਾਤਾ ਸੀਤਾ ਜੀ ਦਾ ਬੱਚੀ ਦੇ ਰੂਪ ਵਿੱਚ ਮਿਲਣਾ ਬਹੁਤ ਹੀ ਮਨਮੋਹਕ ਦ੍ਰਿਸ਼ ਰਹੇ।
ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਦ੍ਰਿਸ਼ਾਂ ਰਾਹੀਂ ਦਿਖਾਇਆ ਗਿਆ ਕਿ ਕਿਸ ਤਰ੍ਹਾਂ ਮੁਨੀ ਵਿਸ਼ਵਾਮਿੱਤਰ ਨੂੰ ਜੰਗਲ ਵਿੱਚ ਰਾਕਸ਼ਸ਼ ਮਾਰੀਚ ਤੇ ਸੁਬਾਹੂ ਵੱਲੋਂ ਤੰਗ ਕਰਨਾ, ਮੁਨੀ ਵਿਸ਼ਵਾਮਿੱਤਰ ਜੀ ਦਾ ਰਾਜਾ ਦਸ਼ਰਥ ਦੇ ਦਰਬਾਰ ਵਿਚ ਜਾਣਾ, ਉਹਨਾ ਤੋਂ ਆਪਣੀ ਰੱਖਿਆ ਲਈ ਰਾਮ—ਲਛਮਣ ਨੂੰ ਨਾਲ ਲੈਕੇ ਜਾਣਾ, ਰਾਮ—ਲਛਮਣ ਜੀ ਵੱਲੋਂ ਤਾੜਕਾ ਅਤੇ ਮਾਰੀਚ—ਸੁਬਾਹੂ ਦਾ ਵਧ ਕਰਨਾ ਤੇ ਪੱਥਰ ਦੀ ਬਣੀ ਅਹੱਲਿਆ ਦਾ ਉਧਾਰ ਕਰਨਾ ਦ੍ਰਿਸ਼ਾਂ ਨੇ ਦਰਸ਼ਕਾਂ ਨੂੰ ਪ੍ਰਭੂ ਰਾਮ ਜੀ ਦੀ ਮਹਿਮਾ ਨਾਲ ਜੋੜ ਕੇ ਰੱਖਿਆ।



ਉਨ੍ਹਾਂ ਦੱਸਿਆ ਕਿ ਛੋਟੇ ਸ਼੍ਰੀ ਰਾਮ ਜੀ ਦੇ ਸਰੂਪ ਵਿੱਚ ਬਾਲ ਕਲਾਕਾਰ ਦੀਪਕ ਅਤੇ ਛੋਟੇ ਸ਼੍ਰੀ ਲਛਮਣ ਜੀ ਦੇ ਸਰੂਪ ਵਿੱਚ ਧਰੁਵ ਰੱਲਾ ਨੇ ਆਪਣਾ ਰੋਲ ਬਾਖ਼ੂਬੀ ਨਿਭਾਇਆ।ਰਾਜਾ ਦਸ਼ਰਥ ਜੀ ਦੀ ਭੁਮਿਕਾ ਕਲੱਬਰ ਦੇ ਡਾਇਰੈਕਟਰ ਸ਼੍ਰੀ ਪ੍ਰਵੀਨ ਸ਼ਰਮਾ ਟੋਨੀ ਵੱਲੋਂ ਨਿਭਾਈ ਗਈ।ਇਸ ਤੋਂ ਇਲਾਵਾ ਪਰਜਾ ਵਾਸੀਆਂ ਵਿੱਚ ਸੋਨੂ ਰੱਲਾ, ਡਾ. ਵਿਕਾਸ ਸ਼ਰਮਾ, ਸ਼ੰਟੀ ਅਰੋੜਾ, ਵਿਪਨ ਕੁਮਾਰ ਅਰੋੜਾ ਅਤੇ ਕੇ.ਕੇ. ਕੱਦੂ ਵੱਲੋਂ ਰੋਲ ਨਿਭਾਇਆ ਗਿਆ। ਮੁਨੀ ਵਿਸ਼ਵਮਿੱਤਰ ਰਿੰਕੂ ਬਾਸਲ, ਰਾਖਸ਼ਸ ਮਾਰੀਚ ਤੇ ਸੁਬਾਹੂ ਬੰਟੀ ਸ਼ਰਮਾ ਤੇ ਵਿਸ਼ਾਲ ਵਿੱਕੀ ਸ਼ਰਮਾ ਤੋਂ ਇਲਾਵਾ ਸੇਵਕ ਸੰਦਲ, ਕੇ.ਸੀ. ਸ਼ਰਮਾ, ਰਾਜੂ ਬਾਵਾ, ਗਗਨਦੀਪ ਵਿੱਕੀ, ਜੀਵਨ ਜੁਗਨੀ, ਨਰੇਸ਼ ਬਾਂਸਲ, ਮੇਹੁਲ ਸ਼ਰਮਾ, ਵਿਨਾਇਕ ਸ਼ਰਮਾ, ਆਦੀਸ਼, ਅਨੀਸ਼ ਕੁਮਾਰ, ਅਮਰੀਸ਼ ਗਰਗ ਜੋਨੀ, ਬੰਟੀ, ਸਾਹਿਲ, ਮਨੋਜ ਸ਼ਰਮਾ ਮੋਨੂੰ, ਮੁਨੀ ਵਿਸ਼ਿਸ਼ਟ ਮਨੋਜ ਅਰੋੜਾ, ਤਾੜਕਾ ਦਾ ਰੋਲ ਕੇ.ਕੇ. ਕੱਦੂ ਅਤੇ ਅਹੱਲਿਆ ਤਰਸੇਮ ਹੋਂਡਾ ਵੱਲੋਂ ਬਹੁਤ ਹੀ ਬਾਖ਼ੂਬੀ ਢੰਗ ਨਾਲ ਨਿਭਾਏ ਗਏ।

# ਸਵੱਛਤਾ ਹੀ ਸੇਵਾ ਅਧੀਨ ਐਨ.ਐਸ.ਐਸ. ਯੂਨਿਟ ਵੱਲੋਂ ਤਹਿ ਕੀਤਾ ਟਾਰਗੈਟ ਪੂਰਾ ਕੀਤਾ ਗਿਆ।




ਮਾਨਸਾ (ਮਨੋਜ) ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਮਾਨਸਾ ਸ੍ਰ: ਰਘਬੀਰ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰੀ ਆਈ.ਟੀ.ਆਈ. ਮਾਨਸਾ ਦੇ ਪ੍ਰੋਗਰਾਮ ਅਫਸਰ ਜਸਪਾਲ ਸਿੰਘ, ਗੁਰਪਿਆਰ ਸਿੰਘ ਅਤੇ ਵਲੰਟੀਅਰਜ ਨੇ ਸੰਸਥਾ ਦੇ ਬਾਹਰ ਰੋਡ ਤੇ ਅਤੇ ਸੰਸਥਾ ਦੇ ਅੰਦਰ ਸਾਫ-ਸਫਾਈ ਦਾ ਅਭਿਐਨ 17 ਸਤੰਬਰ ਨੂੰ ਸ਼ੁਰੂ ਕਰਕੇ 2 ਅਕਤੂਬਰ ਨੂੰ ਸਮਾਪਤ ਕਰ ਦਿੱਤਾ। ਅਤੇ ਸਾਫ-ਸਫਾਈ ਦਾ ਨਿਸ਼ਚਿਤ ਕੀਤਾ ਟਾਰਗੈਟ ਪੂਰਾ ਕਰ ਲਿਆ। ਸੰਸਥਾ ਦੀਆਂ ਲੜਕੀਆਂ ਵਲੰਟੀਅਰਜ ਵੱਲੋਂ ਵੀ ਇਸ ਸਵੱਛਤਾ ਮੁਹਿੰਮ ਵਿੱਚ ਵੱਧ-ਚੜ ਕੇ ਯੋਗਦਾਨ ਪਾਇਆ। ਪ੍ਰਿੰਸੀਪਲ ਗੁਰਮੇਲ ਸਿੰਘ ਮਾਖਾ ਵੱਲੋਂ ਸਵੱਛਤਾ ਹੀ ਸੇਵਾ ਦੇ ਨਾਹਰੇ ਨੂੰ ਅਸਲੀ ਰੂਪ ਵਿੱਚ ਅਪਣਾਉਣ ਦਾ ਸੱਦਾ ਦਿੱਤਾ ਅਤੇ ਵਲੰਟੀਅਰ ਦੀ ਇਸ ਸ਼ਲਾਘਾਯੋਗ ਕੰਮ ਲਈ ਪ੍ਰਸ਼ੰਸਾ ਕੀਤੀ। ਪ੍ਰੋਗਰਾਮ ਅਫਸਰ ਗੁਰਪਿਆਰ ਸਿੰਘ ਵੱਲੋਂ ਵਲੰਟੀਅਰਜ ਨੂੰ ਇਸ ਸਵੱਛਤਾ ਅਭਿਐਨ ਨੂੰ ਰੋਜਾਨਾ ਜ਼ਿੰਦਗੀ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੈਡਮ ਕੁਲਵਿੰਦਰ ਕੌਰ ਇੰਸ:, ਸ੍ਰੀਮਤੀ ਰਮਨਪ੍ਰੀਤ ਕੌਰ ਇੰਸ:, ਸ੍ਰੀਮਤੀ ਕਰਮਜੀਤ ਕੌਰ ਇੰਸ:, ਨਿਸ਼ਚਲਪ੍ਰੀਤ ਸਿੰਘ, ਹਰਜਿੰਦਰ ਸਿੰਘ ਅਤੇ ਸਮੁੱਚੇ ਵਲੰਟੀਅਰਜ ਹਾਜ਼ਰ ਸਨ।

# ਪੰਚ ਸਰਪੰਚਾਂ ਦੀ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਦੌੜ, ਛੁੱਟੀ ਵਾਲੇ ਦਿਨ ਸਰਕਾਰੀ ਦਫ਼ਤਰਾਂ ਵਿੱਚ ਲੱਗੀ ਭੀੜ



ਡੇਰਾਬੱਸੀ, (ਲੋਕ ਬਾਣੀ))ਪੰਚ- ਸਰਪੰਚ ਦੀ ਚੋਣ ਲਈ ਨਾਮਜ਼ਦਗੀ ਭਰਨ ਨੂੰ ਲੈਕੇ ਅੱਜ ਛੁੱਟੀ ਵਾਲੇ ਦਿਨ ਵੀ ਤਹਿਸੀਲ ਅਤੇ ਬੀ ਡੀ ਪੀ ਓ ਦਫ਼ਤਰ ਵਿੱਚ ਰੌਣਕਾਂ ਲੱਗੀ ਹੋਈ ਸੀ। 3ਅਕਤੂਬਰ ਨੂੰ ਵੀ ਛੁੱਟੀ ਹੋਣ ਕਰਕੇ ਨਾਮਜਦਗੀਆ ਪੱਤਰ 4ਅਕਤੂਬਰ ਦਾਖਲ ਕੀਤੀ ਜਾਣਗੀਆ। ਇਸ ਤੋਂ ਪਹਿਲਾਂ ਉਮੀਦਵਾਰ ਕਾਗਜ ਪੂਰੇ ਕਰਨ ਅਤੇ ਜਰੂਰੀ ਐਨ ਓ ਸੀ ਲੈਣ ਲਈ ਲਈ ਅੱਜ ਛੁੱਟੀ ਵਾਲੇ ਦਿਨ ਵੀ ਸਰਕਾਰੀ ਦਫ਼ਤਰਾਂ ਵਿੱਚ ਪਹੁੰਚੇ ਹੋਏ ਸਨ। ਡੇਰਾਬੱਸੀ ਅਤੇ ਲਾਲੜੂ ਦੇ 93 ਪਿੰਡਾਂ ਲਈ ਜਿੱਥੇ 93ਸਰਪੰਚ ਚੁਣੇ ਜਾਣੇ ਹਨ, ਉੱਥੇ ਹੀ 615 ਪੰਚ ਚੁਣੇ ਜਾਣਗੇ। 30ਸਤੰਬਰ ਨੂੰ ਸਰਪੰਚੀ ਲਈ 9ਉਮੀਦਵਾਰਾਂ ਅਤੇ ਪੰਚੀ ਲਈ 4ਨੇ ਕਾਗਜ ਦਾਖਲ ਕਰਵਾਏ। ਇਸੇ ਤਰਾਂ 1 ਅਕਤੂਬਰ ਨੂੰ 66ਸਰਪੰਚੀ ਲਈ ਅਤੇ 73 ਜਣਿਆ ਨੇ ਪੰਚੀ ਲਈ ਫਾਰਮ ਜਮ੍ਹਾ ਕਰਵਾਏ ਹਨ। ਹੁਣ 2ਅਤੇ 3 ਅਕਤੂਬਰ ਨੂੰ ਛੁੱਟੀ ਹੋਣ ਕਰਕੇ 4ਅਕਤੂਬਰ ਨੂੰ ਨਾਮਜ਼ਦਗੀ ਦਾਖਲ ਕਰਵਾਉਣਾ ਵਾਲਿਆ ਦਾ ਸਰਕਾਰੀ ਦਫ਼ਤਰਾਂ ਵਿੱਚ ਮੇਲਾ ਲੱਗ ਜਾਵੇਗਾ।

# ਵਿਧਾਇਕ ਰੰਧਾਵਾ ਨੇ ਪੰਚਕੂਲਾ ਤੋਂ ਆਪ ਦੇ ਪਾਰਟੀ ਉਮੀਦਵਾਰ ਪ੍ਰੇਮ ਗਰਗ ਲਈ ਕੀਤਾ ਚੋਣ ਪ੍ਰਚਾਰ ਕੱਢੀ ਪੈਦਲ ਯਾਤਰਾ

ਜੀਰਕਪੁਰ (ਲੋਕ ਬਾਣੀ)-ਹਰਿਆਣਾ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਦੇ ਉਮੀਦਵਾਰ ਪ੍ਰੇਮ ਗਰਗ ਦੇ ਹੱਕ ਵਿੱਚ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਅਪਣੀ ਟੀਮ ਸਮੇਤ ਹਰਿਆਣਾ ਦੇ ਬਰਵਾਲਾ ਵਿੱਖੇ ਪੈਦਲ ਯਾਤਰਾ ਵਿਚ ਹਿੱਸਾ ਲਿਆ। ਇਸ ਦੌਰਾਨ ਪਾਰਟੀ ਉਮੀਦਵਾਰ ਪ੍ਰੇਮ ਗਰਗ ਅਤੇ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਲੋਕਾਂ ਨੂੰ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਵੱਧ ਤੋਂ ਵੱਧ ਵੋਟਾਂ ਪਾਉਣ ਲਈ ਅਪੀਲ ਕੀਤੀ। ਇਸ ਮੌਕੇ ਬੋਲਦੇ ਹੋਏ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਜਦੋ ਦੀ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਸਤੋਂ ਬਾਅਦ ਪੰਜਾਬ ਵਿਕਾਸ ਦੇ ਨਵੇ ਨਵੇਂ ਰਿਕਾਰਡ ਬਣਾ ਰਿਹਾ ਹੈ ਜਿਨ੍ਹਾਂ ਵਿੱਚ ਸੱਭ ਤੋਂ ਵੱਡੀ ਉਪਲਬਧੀ ਹਰ ਘਰ ਨੂੰ ਮਹੀਨੇ ਦੀ 300 ਯੂਨਿਟ ਬਿਜਲੀ ਮੁਫ਼ਤ ਦਿੱਤੀ ਜਾ ਰਹੀ ਹੈ। ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਅੰਦਰ ਲੋਕਾਂ ਦੇ ਘਰਾਂ ਦਾ ਹਜਾਰਾਂ ਦਾ ਆਉਣ ਵਾਲਾ ਬਿੱਲ ਹੁਣ ਜੀਰੋ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸਤੋਂ ਇਲਾਵਾ ਪੰਜਾਬ ਦੇ ਅੰਦਰ 800 ਤੋਂ ਵੱਧ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਜਿਨਾਂ ਵਿੱਚ ਜਾ ਕੇ ਲੱਖਾਂ ਹੀ ਲੋਕ ਅਪਣੀ ਸਿਹਤ ਦੀ ਜਾਂਚ ਕਰਵਾ ਕੇ ਮੁਫ਼ਤ ਇਲਾਜ ਦਾ ਫਾਇਦਾ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਗਰੀਬ ਤੋਂ ਲੈ ਕੇ ਅਮੀਰ ਵਰਗ ਦੇ ਲੋਕ ਵੀ ਪ੍ਰਾਈਵੇਟ ਦੀ ਥਾਂ ਆਮ ਆਦਮੀ ਕਲੀਨਿਕ ਵਿੱਚ ਆਪਣਾ ਇਲਾਜ ਕਰਵਾ ਰਹੇ ਹਨ। ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਵਿੱਚ ਸਿੱਖਿਆ ਦੇ ਖੇਤਰ ਨੂੰ ਉੱਚਾ ਚੁੱਕਣ ਲਈ ਹਰ ਜਿਲ੍ਹੇ ਅੰਦਰ ਸਕੂਲ ਆਫ ਐਮੀਨੈਂਸ ਖੋਲ੍ਹੇ ਗਏ ਹਨ ਜੋ ਕੀ ਬੱਚਿਆਂ ਕਾਨਵੈਂਟ ਸਕੂਲਾਂ ਜਿਹੀ ਸਿੱਖਿਆ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਅਧਿਆਪਕਾਂ ਨੂੰ ਸਿੱਖਿਆ ਦੀ ਬੇਹਤਰੀ ਲਈ ਨਵੇਂ ਨਵੇਂ ਨੁਸਖ਼ੇ ਸਿਖਾਉਣ ਲਈ ਵਿਦੇਸ਼ ਦੇ ਮਾਡਲ ਸਕੂਲਾਂ ਦਾ ਦੌਰਾ ਵੀ ਕਰਵਾਇਆ ਜਾ ਰਿਹਾ ਹੈ ਜਿਨ੍ਹਾਂ ਨੁਸਖਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਲਾਗੂ ਕਰ ਕੇ ਬੱਚਿਆਂ ਅੰਦਰ ਵੱਡੇ ਬਦਲਾਵ ਦੇਖਣ ਨੂੰ ਮਿਲ ਰਹੇ ਹਨ। ਇਸ ਮੌਕੇ ਬੋਲਦੇ ਹੋਏ ਵਿਧਾਇਕ ਰੰਧਾਵਾ ਨੂੰ ਹਰਿਆਣਾ ਵਾਸੀਆਂ ਨੂੰ ਅਪੀਲ ਕਰਦੇ ਕਿਹਾ ਕਿ ਜੇਕਰ ਤੁਸੀਂ ਵੀ ਭ੍ਰਿਸ਼ਟਾਚਾਰ ਮੁਕਤ ਸਰਕਾਰ ਚਾਉਂਦੇ ਹੋ ਤਾਂ ਆਮ ਆਦਮੀ ਪਾਰਟੀ ਤੋਂ ਉਮੀਦਵਾਰ ਪ੍ਰੇਮ ਗਰਗ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਿਤਾਓ ਤਾਂ ਜੋ ਹਰਿਆਣਾ ਨੂੰ ਵੀ ਦਿੱਲੀ ਅਤੇ ਪੰਜਾਬ ਵਾਂਗੂ ਉਚਾਈਆਂ ਦੇ ਲੈ ਕੇ ਜਾਇਆ ਜਾ ਸਕੇ ਅਤੇ ਆਪ ਸਰਕਾਰ ਵੱਲੋ ਲੋਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਕੀਮਾਂ ਦਾ ਲਾਭ ਹਰਿਆਣਾ ਵਾਸੀ ਵੀ ਲੈ ਸਕਣ। ਵਿਧਾਇਕ ਰੰਧਾਵਾ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਕੋ ਇੱਕ ਉਦੇਸ਼ ਹੈ ਕੀ ਭਾਰਤ ਦੇਸ਼ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣ ਹੈ। ਇਹ ਤਾਹੀਂ ਸੰਭਵ ਹੋ ਸਕਦਾ ਹੈ ਜੇਕਰ ਹਰਿਆਣਾ ਦੇ ਲੋਕ ਇਕ ਇਕ ਵੋਟ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਪਾਉਣ। ਇਸ ਮੌਕੇ ਪੈਦਲ ਯਾਤਰਾ ਵਿੱਚ ਹਜ਼ਾਰਾਂ ਲੋਕਾਂ ਨੇ ਹਿੱਸਾ ਲਿਆ।



# ਮਾਸਟਰ ਸਲੀਮ ਨੇ ਸ਼ਰਮਾ ਬ੍ਰਦਰਜ਼ ਦੀ ਐਲਬਮ ਸੁੰਦਰ ਭਵਨ ਸਜਾਈ ਮਾਂ ਰਿਲੀਜ਼ ਕੀਤੀ

ਸ਼ਾਹਬਾਦ ਮਾਰਕੰਡਾ (ਲੋਕ ਬਾਣੀ) ਮੰਦਿਰ ਤੋਂ ਲੈ ਕੇ ਘਰਾਂ ਤੱਕ ਹਰ ਪਾਸੇ ਨਵਰਾਤਰੀ ਦੀ ਰੌਣਕ ਦੇਖਣ ਨੂੰ ਮਿਲ ਰਹੀ ਹੈ। ਸੂਫ਼ੀ ਉਸਤਾਦ ਮਾਸਟਰ ਸਲੀਮ ਜੀ ਨੇ ਇਸ ਨੂੰ ਆਪਣੇ ਹੱਥੀਂ ਜਾਰੀ ਕਰਕੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ ਅਤੇ ਉਨ੍ਹਾਂ ਨੂੰ ਇਸ ਭਜਨ ਵਿੱਚ ਮਾਤਾ ਰਾਣੀ ਜੀ ਦੀ ਸੁੰਦਰ ਇਮਾਰਤ ਦੀ ਮਹਿਮਾ ਮਾਂ ਜਵਾਲਾ ਦੀ ਜੋਤ ਤੋਂ ਲੈ ਕੇ ਲੰਗਰ ਛਕਾਇਆ। ਇਸ ਬਾਰੇ ਵਿਸਥਾਰ ਵਿੱਚ ਦੱਸਿਆ ਗਿਆ ਹੈ ਭਜਨ ਗਾਇਕ ਮਾਸਟਰ ਸਲੀਮ ਜੀ ਨੇ ਦੱਸਿਆ ਕਿ ਸੰਗੀਤ ਦੇ ਖੇਤਰ ਵਿੱਚ ਸੱਤ ਨੋਟਾਂ ਦਾ ਜਾਦੂ ਬਿਖੇਰ ਕੇ ਪ੍ਰਸਿੱਧੀ ਹਾਸਲ ਕਰਨ ਦੇ ਰਾਹ ਤੁਰੇ ਕੁਰੂਕਸ਼ੇਤਰ ਜ਼ਿਲ੍ਹੇ ਦੇ ਪਿਹੋਵਾ ਕਸਬੇ ਦੇ ਸ਼ਰਮਾ ਬ੍ਰਦਰਜ਼ ਦਾ ਇੱਕ ਹੋਰ ਭਜਨ ਆ ਰਿਹਾ ਹੈ। ਅੱਜ ਕੱਲ੍ਹ ਉਹ ਕਈ ਟੀਵੀ ਰਿਐਲਿਟੀ ਸ਼ੋਅਜ਼ ਰਾਹੀਂ ਆਪਣੀ ਵੱਖਰੀ ਪਛਾਣ ਬਣਾਉਣ ਵਿੱਚ ਸਫ਼ਲ ਹੈ ਅਤੇ ਵੱਖ-ਵੱਖ ਕੰਪਨੀਆਂ ਰਾਹੀਂ ਇਸ ਭਜਨ ਨੂੰ 90 ਦੇ ਕਰੀਬ ਐਲਬਮਾਂ ਰਿਲੀਜ਼ ਕੀਤੀਆਂ ਜਾ ਰਹੀਆਂ ਹਨ, ਜਿਸ ਵਿੱਚ ਗੀਤ ਦੇ ਬੋਲ ਹਨ ਸੁੰਦਰ ਭਵਨ ਸਜਾਇਆ ਮਾਂ ਇਸ ਤੋਂ ਪਹਿਲਾਂ ਵੀ ਸ਼ਰਮਾ ਬ੍ਰਦਰਜ਼ ਦੇ ਕਈ ਭਜਨ ਆ ਚੁੱਕੇ ਹਨ, ਜਿਨ੍ਹਾਂ ਚ ਝੰਡੇ ਝੂਲਦੇ ਗੁੱਫਾ ਤੇ ਲਾਲ, ਛੋਟੇ ਸੋ ਬਾਲਾਜੀ, ਸ਼੍ਰੀ ਰਾਧੇ ਰਾਧੇ, ਭੋਲੇ ਬਮ ਬਮ, ਧੂਮ ਮਚੀ ਹਰਿਦੁਆਰ ਮੈਂ, ਸਦਾ ਸ਼ਿਵ ਤੂ ਬੋਲ, ਮੈਂ ਦੀਵਾਨੀ ਕਾਨ੍ਹਾ ਸ਼ਾਮਲ ਹਨ। ਦੀ, ਕ੍ਰਿਸ਼ਨ ਭਗਤ ਖੱਟੂਵਾਲੇ ਦਾ ਦਰ, ਤੂਨੇ ਸ਼ੀਸ਼ ਕਾ ਕਰਿਓ ਦਾਨ ਆਦਿ ਸ਼ਰਮਾ ਬ੍ਰਦਰਜ਼ ਦਾ ਕਹਿਣਾ ਹੈ ਕਿ ਸਾਨੂੰ ਰਾਧਾ-ਕ੍ਰਿਸ਼ਨ ਦੇ ਭਗਤਾਂ ਵੱਲੋਂ ਬਹੁਤ ਪਿਆਰ ਅਤੇ ਸਤਿਕਾਰ ਮਿਲ ਰਿਹਾ ਹੈ ਅਤੇ ਇਹ ਵੀ ਦੱਸਿਆ ਕਿ ਉਨ੍ਹਾਂ ਨੇ ਇਸ ਰਾਧਾ ਕ੍ਰਿਸ਼ਨ ਭਜਨ ਵਿੱਚ ਬਹੁਤ ਮਿਹਨਤ ਕੀਤੀ ਹੈ। ਅਤੇ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਉਨ੍ਹਾਂ ਦਾ ਭਜਨ ਰਾਧੇ ਰਾਧੇ ਬੋਲ ਸਰੋਤਿਆਂ ਦੇ ਦਿਲਾਂ ਨੂੰ ਖ਼ੁਸ਼ ਕਰੇਗਾ।

# ਪੁਲਿਸ ਵੈਰੀਫਿਕੇਸ਼ਨ ਨਾ ਕਰਵਾਉਣ ਵਾਲਿਆ ਖ਼ਿਲਾਫ਼ ਹੋਵੇਗੀ ਸਖ਼ਤ ਕਾਰਵਾਈ- ਡੀ.ਐਸ.ਪੀ. ਬਿਕਰਮਜੀਤ ਬਰਾੜ

ਡੇਰਾਬੱਸੀ, 0(ਲੋਕ ਬਾਣੀ) ਡੇਰਾਬੱਸੀ ਸ਼ਹਿਰੀ ਅਤੇ ਪੇਂਡੂ ਖੇਤਰ ਵਿੱਚ ਕਿਰਾਏਦਾਰਾਂ ਦੀ ਵੈਰੀਫਿਕੇਸ਼ਨ ਨਾ ਕਰਵਾਉਣ ਵਾਲਿਆ ਖ਼ਿਲਾਫ਼ ਪੁਲਿਸ ਹੁਣ

ਸਖ਼ਤ ਕਦਮ ਚੁੱਕਣ ਜਾਂ ਰਹੀ ਹੈ। ਡੇਰਾਬੱਸੀ ਦੇ ਡੀ ਐਸ ਪੀ ਬਿਕਰਮਜੀਤ ਸਿੰਘ ਬਰਾੜ ਨੇ ਥਾਣਾ ਮੁਖੀ ਮਨਦੀਪ ਸਿੰਘ ਨੂੰ ਵੱਖ ਵੱਖ ਖੇਤਰਾਂ ਵਿੱਚ ਕਿਰਾਏਦਾਰਾਂ ਦੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਹਨ। ਡੀ ਐਸ ਪੀ ਬਿਕਰਮ ਬਰਾੜ ਨੇ ਕਿਹਾ ਕਿ ਗੁੰਡਾ ਅਨਸਰ ਫਲੈਟਾਂ ਅਤੇ ਕਾਲਜਾਂ ਨੇੜੇ ਪੀ ਜੀ ਵਿੱਚ ਕਿਰਾਏ ਦੇ ਕਮਰੇ ਲੈਕੇ ਰਹਿੰਦੇ ਹਨ, ਕਿਉਕਿ ਇੰਨ੍ਹਾਂ ਥਾਵਾਂ ਤੇ ਕਮਰੇ ਅਸਾਨੀ ਨਾਲ ਮਿਲ ਜਾਂਦੇ ਹਨ। ਡੇਰਾਬੱਸੀ ਖੇਤਰ ਚਾਰੇ ਪਾਸੇ ਤੋਂ ਹਰਿਆਣਾ ਨਾਲ ਜੁੜਿਆ ਹੋਇਆ ਹੈ ਅਜਿਹੇ ਵਿੱਚ ਕੋਈ ਵੀ ਵਿਅਕਤੀ ਵਾਰਦਾਤ ਕਰਕੇ ਆਸਾਨੀ ਨਾਲ ਭੱਜ ਸਕਦਾ ਹੈ। ਮਕਾਨ ਮਾਲਕ ਵਲੋ ਵੈਰੀਫਿਕੇਸਨ ਨਾਂ ਕਰਵਾਉਣਾ ਨਾਲ ਅਜਿਹੇ ਵਿਕਅਤੀ ਦੀ ਭਾਲ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਜਿਸਦੇ ਚਲਦੇ ਵੈਰੀਫਿਕੇਸ਼ਨ ਜਰੂਰੀ ਹੈ।

ਥਾਣਾ ਮੁਖੀ ਮਨਦੀਪ ਸਿੰਘ ਨੇ ਦੱਸਿਆ ਕਿ ਖੇਤਰ ਵਿੱਚ ਅਮਨ ਅਮਾਨ ਦੀ ਸਤਿਥੀ ਕਾਇਮ ਰੱਖਣ ਲਈ ਕਿਰਾਏਦਾਰਾਂ ਦੀ ਵੈਰੀਫਿਕੇਸ਼ਨ ਬਹੁਤ ਜ਼ਰੂਰੀ ਹੈ। ਉਨ੍ਹਾਂ ਡੇਰਾਬੱਸੀ ਖੇਤਰ ਵਿੱਚ ਪੈਂਦੇ ਸਕੂਲ-ਕਾਲਜਾਂ , ਫੈਕਟਰੀਆ ਨੇੜੇ ਕਿਰਾਏਦਾਰ ਰੱਖਣ ਵਾਲ਼ੇ ਮਕਾਨ ਅਤੇ ਪੀਜੀ ਮਾਲਕਾਂ ਨੂੰ ਹਦਾਇਤਾਂ ਜਾਰੀ ਕਰਦੇ ਕਿਹਾ ਕਿ ਜਲਦ ਤੋਂ ਜਲਦ ਪੁਲਿਸ ਵੈਰੀਫ਼ਿਕੇਸ਼ਨ ਕਰਵਾਈ ਜਾਵੇ । ਅਜਿਹਾ ਨਾ ਕਰਨ ਦੀ ਸੂਰਤ 'ਚ ਪੁਲਿਸ ਵਲੋਂ ਸਖਤ ਕਾਰਵਾਈ ਕੀਤੀ ਜਾਵੇਗੀ। ਥਾਣਾ ਮੁਖੀ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦੇ ਕਿਹਾ ਕਿ ਜੇਕਰ ਉਨ੍ਹਾਂ ਦੇ ਘਰ ਨੇੜੇ ਕੋਈ ਸ਼ੱਕੀ ਵਿਅਕਤੀ ਰਹਿ ਰਿਹਾ ਹੈ ਤਾਂ ਉਸਦੀ ਪੁਲਿਸ ਨੂੰ ਸੂਚਨਾ ਦਿੱਤੀ ਜਾਵੇਗੀ। ਸੂਚਨਾ ਦੇਣ ਵਾਲ਼ੇ ਦੀ ਪਛਾਣ ਗੁਪਤ ਰੱਖੀ ਜਾਵੇਗੀ।



SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਉਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN
•56 Colleges & Schools •200 Merit Positions
•125 Companies For Placements
•75 Academic Courses
•2000 Placements In 2022 - 2023
•42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565